SWITCH INSURANCE
AUTO, HOME & COMMERCIAL
- Commercial Vehicle Insurance
- Commercial Property Insurance
- Commercial General Liability (CGL)
- Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
# ਪੰਜਾਬੀ ਪੋਸਟ
*Award winning news paper* | Canadian Punjabi Post

JOSHI LAW OFFICE
Barrister, Solicitor & Notary Public
- Immigration
- Real Estate
- Commercial Law
- Affidavit
- Power of Attorney
Rakesh M. Joshi
B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit **punjabipost.ca/epaper** | **Vol 24* Issue 130** | **Thursday, 18 July 2024** | **Tel: 905-793-2202 | Fax: 905-793-2282 | news@punjabipost.ca** ਤੁਸੀਂ 'ਪੰਜਾਬੀ ਪੋਸਟ' ***Online*** ਰੋਜ਼ਾਨਾ ਪੜ੍ਹ ਸਕਦੇ ਹੋ

## ਪੀਲ ਪੁਲਿਸ ਨੇ ਹਥਿਆਰਾਂ ਅਤੇ ਨਸ਼ੀਲੇ ਪਦਾਰਥਾਂ ਸਮੇਤ 10 ਲੋਕ ਵਿਅਕਤੀ ਕੀਤੇ ਗ੍ਰਿਫ਼ਤਾਰ

ਟੋਰਾਂਟੋ, 17 ਜੁਲਾਈ (ਪੋਸਟ ਬਿਊਰੋ): ਪੀਲ ਰੀਜਨ ਪੁਲਿਸ ਨੇ ਦੱਸਿਆ ਹੈ ਕਿ ਉਨ੍ਹਾਂ ਨੇ 71 ਫਾਇਰ ਆਰਮਜ਼ ਜ਼ਬਤ ਕੀਤੇ ਹਨ ਅਤੇ 10 ਲੋਕਾਂ ਨੂੰ ਗ੍ਰਿਫ਼ਤਾਰ ਕੀਤਾ ਹੈ, ਜੋ ਫੋਰਸ ਵੱਲੋਂ ਗ਼ੈਰਕਾਨੂੰਨੀ ਹਥਿਆਰਾਂ ਦੀ ਹੁਣ ਤੱਕ ਦੀ ਸਭਤੋਂ ਵੱਡੀ ਜ਼ਬਤੀ ਹੈ।



ਪੁਲਿਸ ਨੇ ਬੁੱਧਵਾਰ ਨੂੰ ਦੱਸਿਆ ਕਿ ਇਹ ਜ਼ਬਤੀ ਗ਼ੈਰਕਾਨੂੰਨੀ ਅੰਤਰਰਾਸ਼ਟਰੀ ਫਾਇਰ ਆਰਮਜ਼ ਅਤੇ ਨਸ਼ੀਲੇ ਪਦਾਰਥਾਂ ਦੀ ਤਸਕਰੀ ਦੀ ਇੱਕ ਵੱਡੀ ਜਾਂਚ ਦਾ ਹਿੱਸਾ ਸੀ, ਜਿਸਨੂੰ ਪ੍ਰੋਜੈਕਟ ਕਰੋਮ ਕਿਹਾ ਜਾਂਦਾ ਹੈ।

ਡਿਟੇਕਟਿਵ ਸਾਰਜੈਂਟ ਸਕਾਟ ਨੇ ਕਿਹਾ ਕਿ ਫਾਇਆਰਮਜ਼ ਦੀ ਗ਼ੈਰਕਾਨੂੰਨੀ ਤਸਕਰੀ ਦੀ ਜਾਂਚ ਜਨਵਰੀ 2023 ਵਿੱਚ ਸ਼ੁਰੂ ਕੀਤੀ ਗਈ ਸੀ। ਸਤੰਬਰ 2023 ਤੋਂ ਪੁਲਿਸ ਸੰਯੁਕਤ ਰਾਜ ਅਮਰੀਕਾ ਤੋਂ ਗ਼ੈਰਕਾਨੂੰਨੀ ਹਥਿਆਰਾਂ ਦੀ ਤਸਕਰੀ ਕਰਨ ਵਾਲੇ ਆਦਮੀਆਂ ਦੇ ਇੱਕ ਸਮੂਹ ਦੀ ਜਾਂਚ ਕਰ ਰਹੀ ਹੈ। ...ਬਾਕੀ ਪੰਨਾ 2 'ਤੇ

## ਗਲੇਬੇ ਵਿੱਚ ਹੋਈ ਦੋ ਕਾਰਾਂ ਦੀ ਟੱਕਰ, ਦੋ ਜ਼ਖ਼ਮੀ

ਓਟਵਾ, 17 ਜੁਲਾਈ (ਪੋਸਟ ਬਿਊਰੋ): ਬੁੱਧਵਾਰ ਦੁਪਹਿਰ ਗਲੇਬੇ ਵਿੱਚ ਦੋ ਵਾਹਨਾਂ ਦੀ ਟੱਕਰ ਤੋਂ ਬਾਅਦ ਸੜਕਾਂ ਫਿਰ ਖੁੱਲ੍ਹ ਚਾਲੂ ਹੋ ਗਈਆਂ ਹਨ, ਜਿਸ ਵਿੱਚ ਦੋ ਵਿਅਕਤੀ ਜ਼ਖ਼ਮੀ ਹੋ ਗਏ ਸਨ।

ਓਟਾਵਾ ਫਾਇਰ ਸਰਵਿਸੇਜ਼ ਨੇ ਹਾਈਵੇ 417 ਆਨ-ਰੈਂਪ ਕੋਲ ਮੇਟਕਾਫ ਅਤੇ ਇਸਾਬੇਲਾ ਸੜਕਾਂ ਦੇ ਚੁਰਾਹੇ ਉੱਤੇ ਦੁਪਹਿਰ ਲਗਭਗ 2:10 ਵਜੇ ਪੁਲਿਸ ਨੂੰ ਸੂਚਨਾ ਮਿਲਣ 'ਤੇ ਇੱਕ ਕਾਲ ਦਾ ਜਵਾਬ ਦਿੱਤਾ।

ਇੱਕ ਸਫੇਦ ਪਿਕਅਪ ਟਰੱਕ ਅਤੇ ਇੱਕ ਗਰੇਅ ਸੇਡਾਨ ਦੀ ਟੱਕਰ ਹੋ ਗਈ ਸੀ, ਜਿਸਦੇ ਨਾਲ ਸੇਡਾਨ ਪਲਟ ਗਈ।



ਓਟਵਾ ਸ਼ਹਿਰ ਦੇ ਟ੍ਰੈਫਿਕ ਕੈਮਰਿਆਂ ਵਿਚ ਟੱਕਰ ਦੇ ਤੁਰੰਤ ਬਾਅਦ ਖੇਤਰ ਕੋਲ ਪੱਛਮ ਵੱਲ ਜਾਣ ਵਾਲੀ ਇਸਾਬੇਲਾ ਸਟਰੀਟ ਅਤੇ ਉੱਤਰ ਵੱਲ ਜਾਣ ਵਾਲੀ ਮੇਟਕਾਫ ਸਟਰੀਟ 'ਤੇ ਭਾਰੀ ਟ੍ਰੈਫਿਕ ਦੇਖਿਆ ਗਿਆ। ਪੁਲਿਸ ਨੇ ਲੋਕਾਂ ਨੂੰ ਉਸ ਖੇਤਰ ਤੋਂ ਦੂਰ ਰਹਿਣ ਲਈ ਕਿਹਾ।

ਓਟਵਾ ਪੈਰਾਮੇਡਿਕਸ ਨੇ ਕਿਹਾ ਕਿ ਇੱਕ ਵਿਅਕਤੀ ਨੂੰ ਸਥਿਰ ਹਾਲਤ ਵਿੱਚ ਹਸਪਤਾਲ ਲਿਜਾਇਆ ਗਿਆ, ਜਿਸ ਵਿੱਚ ਉਸਨੂੰ ਜਾਨਲੇਵਾ ਸੱਟਾਂ ਨਹੀਂ ਲੱਗੀਆਂ ਹਨ ਅਤੇ ਦੂਜੇ ਵਿਅਕਤੀ ਨੂੰ ਮਾਮੂਲੀ ਸੱਟਾਂ ਲੱਗੀਆਂ ਜਿਸਦਾ ਘਟਨਾ ਸਥਾਨ 'ਤੇ ਹੀ ਇਲਾਜ ਕੀਤਾ ਗਿਆ। ਇਸਾਬੇਲਾ ਅਤੇ ਕੈਥਰੀਨ ਵਿਚਕਾਰ ਮੇਟਕਾਫ ਨੂੰ ਲਗਭਗ ਦੋ ਘੰਟੇ ਲਈ ਬੰਦ ਕਰ ਦਿੱਤਾ ਗਿਆ ਸੀ ਅਤੇ ਇਸਾਬੇਲਾ ਨੂੰ ਓ'ਕਾਨਰ ਵਿੱਚ ਕੁੱਝ ਸਮੇਂ ਲਈ ਬੰਦ ਕਰ ਦਿੱਤਾ ਗਿਆ ਸੀ।

## ਓਟਾਵਾ ਦੇ ਵਿਅਕਤੀ 'ਤੇ ਲੜਕੀ ਦਾ ਯੌਨ ਸ਼ੋਸ਼ਣ ਕਰਨ ਦਾ ਲੱਗਾ ਚਾਰਜਿਜ਼

ਓਟਵਾ, 17 ਜੁਲਾਈ (ਪੋਸਟ ਬਿਊਰੋ): ਓਟਵਾ ਪੁਲਿਸ ਸਰਵਿਸ ਨੇ ਇੱਕ 25 ਸਾਲਾ ਵਿਅਕਤੀ 'ਤੇ ਇੱਕ ਲੜਕੀ 'ਤੇ ਹਮਲਾ ਕਰਨ ਦਾ ਚਾਰਜਿਜ਼ ਲਗਾਇਆ ਹੈ, ਜਦੋਂ ਉਹ ਉਸਨੂੰ ਘਰ ਲਿਜਾਅ ਰਿਹਾ ਸੀ।



ਪੁਲਿਸ ਨੇ ਓਟਵਾ ਦੇ ਸਮੀਰ ਅਲ-ਅਸਕਲੀ 'ਤੇ ਯੌਨ ਸ਼ੋਸ਼ਣ ਦੇ ਇੱਕ ਮਾਮਲੇ ਅਤੇ ਜ਼ਬਰਨ ਬੰਧਕ ਬਣਾਉਣ ਦੇ ਇੱਕ ਮਾਮਲੇ ਵਿੱਚ ਚਾਰਜਿਜ਼ ਲਗਾਇਆ ਹੈ। ਪੁਲਿਸ ਦੱਸਿਆ ਕਿ ਇਹ ਘਟਨਾ ਪਿਛਲੇ ਹਫ਼ਤੇ ਹੋਈ ਸੀ।

ਪੁਲਿਸ ਨੇ ਇੱਕ ਈਮੇਲ ਵਿੱਚ ਕਿਹਾ ਕਿ ਸ਼ੱਕੀ ਵਿਅਕਤੀ ਉਸ ਸਮੇਂ ਲਾਲ ਰੰਗ ਦੀ 2020 ਹੋਂਡਾ ਸਿਵਿਕ ਚਲਾ ਰਿਹਾ ਸੀ।

Law Office of Aman Sharma
- Real Estate - Commercial Lease
- Business Purchase & Sale
- Notarizations & Affidavits
- Wills & Power Of Attorney
Fax: 905-913-2344 Tel: 905-913-2355
Aman Sharma
Open Saturday
25 Cherrycrest Drive, Unit # 6
Brampton, ON, L6P 3W4
*Providing excellent quality legal services to our clients*

MagGas Medical Brampton
MGM
MAGGAS MEDICAL INC.
*Helping you breathe deep and rest easy.*
- CPAP ਮਸ਼ੀਨ, ਮਾਸਕ ਅਤੇ ਸਪਲਾਈ
(647) 954-9885
20 Maritime Ont Blvd
Unit 15
Brampton, ON L6S 0C2

ਨਵਾਂ ਘਾਹ ਲਵਾਉ | 647-784-1213
www.aaalandscaping.ca
1. ਪੁਰਾਣਾ ਘਾਹ ਹਟਾਉ ਅਤੇ ਨਵਾਂ ਲਵਾਉ
2. ਏਰੀਆ ਨੂੰ ਲੇਵਲ ਕਰਨਾ ਅਤੇ ਮਿੱਟੀ ਰਲਾਉਣੀ
3. ਨਵਾਂ ਘਾਹ ਲਵਾਉ
4. ਆਪਣੇ ਨਵੇਂ ਅਤੇ ਸੋਹਣੇ ਘਾਹ ਨੂੰ ਦੇਖੋ

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
ਕਰਜ਼ੇ ਦੀ ਸਿਰਦਰਦੀ ?
www.MakeMeDebtFree.ca
- ਪਾਵਰ ਆਫ ਸੇਲ ਨੋਟਿਸ ?
- ਗਾਰਨਿਸ਼ਮੈਂਟ?
- ਬੈਂਕ ਵਲੋਂ ਪੈਸੇ ਦੀ ਮੰਗ ?
- ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ, ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
Late Evening and Weekends Appointments Available
1888 864 3131
Jasbir Singh Hundal
Qualified Credit Counsellor
416-502-3100
Unit #20 - 7015 Tranmere Drive Mississauga, ON L5S 1T7

MANN LAW FIRM
- Real Estate Law
- Wills & Estates
- Power of Attorney
- Affidavits Notarization / Declaration
- Business Law
- Family Law
- Civil Litigation
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

Royal Pest Control
Residential Commercial Industrial
Specialist in Bedbugs Service
All Pest Control :
- Mouse & Rats
- Cockroaches
- Spiders & Fleas
- Carpenter Ants
- Bedbugs
- Silver Fish
- Wasps
- Racoons
Call : PARESH PATEL
(Government Approved Licensed Technician)
416 938 4598



## ਅੱਜ ਨਾਮਾ

ਕਿਹਾ ਸਰਕਾਰ ਪੰਜਾਬ ਬੱਸ ਅਫਸਰਾਂ ਨੂੰ,
ਕਰ ਲਿਉ ਮੌਸਮ ਦੇ ਵੱਲ ਧਿਆਨ ਭਾਈ।
ਛੱਰਾਟੇ ਆ ਗਏ ਅਗੇਤੇ ਆ ਵਰ੍ਹਨ ਲੱਗੇ,
ਬਾਹਲੀ ਬਾਰਸ਼ ਦੇ ਬੜੇ ਇਮਕਾਨ ਭਾਈ।
ਦੂਸਰੇ ਰਾਜਾਂ ਵਿੱਚ ਹੁੰਦਾ ਕੀ ਨਜ਼ਰ ਰੱਖੋ,
ਓਧਰ ਲੋਕਾਂ ਦੀ ਕਿਵੇਂ ਗਈ ਜਾਨ ਭਾਈ।
ਢਹਿੰਦੇ ਪੁਲ ਵੀ ਵੇਖ ਰਹੀ ਆਮ ਜਨਤਾ,
ਟਿਕਿਆ ਨਹੀਉਂ ਦੁਕਾਨ-ਮਕਾਨ ਭਾਈ।
ਮੁਸ਼ਕਲ ਆਈ ਤੋਂ ਕੱਖ ਨਹੀਂ ਜਾਊ ਕੀਤਾ,
ਕਮੀਆਂ ਪੂਰਨ ਨੂੰ ਲਾਈ ਜਾਉ ਜ਼ੋਰ ਭਾਈ।
ਧਾਵਾ ਕੁਦਰਤ ਦਾ ਖਬਰ ਨਹੀਂ ਕਿੰਜ ਹੋਣਾ,
ਖਿਸਕ ਜਾਏ ਹੱਥੋਂ ਨਾ ਸਮੇਂ ਦੀ ਡੋਰ ਭਾਈ।

**ਤੀਸ ਮਾਰ ਖਾਂ**

# ਸ਼ੁੱਕਰਵਾਰ ਨੂੰ ਟਰੂਡੋ ਕੈਬਨਿਟ ਦੀ ਬੈਠਕ ਹੋਣ ਦੀ ਸੰਭਾਵਨਾ, ਹੋ ਸਕਦੇ ਹਨ ਫੇਰਬਦਲ



ਓਟਵਾ, 17 ਜੁਲਾਈ (ਪੋਸਟ ਬਿਊਰੋ): ਪ੍ਰਧਾਨ ਮੰਤਰੀ ਜਸਟਿਨ ਟਰੂਡੋ ਦੀ ਕੈਬਨਿਟ ਦੀ ਬੈਠਕ ਸ਼ੁੱਕਰਵਾਰ ਨੂੰ ਹੋਣ ਦੀ ਸੰਭਾਵਨਾ ਹੈ।

ਏਜੰਡੇ ਵਿੱਚ ਮੰਤਰੀਆਂ ਲਈ ਸ਼ੁੱਕਰਵਾਰ ਸਵੇਰੇ ਵਰਚੂਅਲ ਮੀਟਿੰਗ ਲਈ 30 ਮਿੰਟ ਦਾ ਸਮਾਂ ਤੈਅ ਕੀਤਾ ਗਿਆ ਹੈ, ਜਿਸ ਵਿੱਚ ਨਿਯੁਕਤੀਆਂ ਬਾਰੇ ਚਰਚਾ ਕੀਤੀ ਜਾਵੇਗੀ।

ਇਹ ਬੈਠਕ ਪ੍ਰਧਾਨ ਮੰਤਰੀ ਵੱਲੋਂ ਆਪਣੇ ਅੰਦਰੂਨੀ ਘੇਰੇ ਵਿੱਚ ਫੇਰਬਦਲ ਕਰਨ ਦੀਆਂ ਅਟਕਲਾਂ ਵਿੱਚਕਾਰ ਹੋ ਰਹੀ ਹੈ, ਤਾਂਕਿ ਉਹ ਨਵੇਂ ਸਿਰੇ ਤੋਂ ਕੰਮ ਕਰਨ ਦੀ ਇੱਛਾ ਰੱਖਣ ਵਾਲੇ ਲਿਬਰਲਜ਼ ਨੂੰ ਸੰਤੁਸ਼ਟ ਕਰ ਸਕਣ।

ਬੈਠਕ ਦੇ ਏਜੰਡੇ ਬਾਰੇ ਪ੍ਰਧਾਨ ਮੰਤਰੀ ਦਫ਼ਤਰ ਨੇ ਇਸ 'ਤੇ ਟਿੱਪਣੀ ਕਰਨ ਤੋਂ ਇਨਕਾਰ ਕਰ ਦਿੱਤਾ। ਪਿਛਲੇ ਮਹੀਨੇ ਟੋਰਾਂਟੋ-ਸੇਂਟ ਪਾਲ ਉਪਚੋਣ ਵਿੱਚ ਹੈਰਾਨੀਜਨਕ ਹਾਰ ਤੋਂ ਬਾਅਦ, ਕੁੱਝ ਲਿਬਰਲ ਸੰਸਦ ਐਮਰਜੈਂਸੀ ਕਾਕਸ ਬੈਠਕ ਆਯੋਜਿਤ ਕਰਨਾ ਚਾਹੁੰਦੇ ਸਨ, ਜਿਸਦਾ ਪ੍ਰਧਾਨਮੰਤਰੀ ਨੇ ਵਿਰੋਧ ਕੀਤਾ ਸੀ।

# ਪੀਲ ਪੁਲਿਸ ਨੇ ਹਥਿਆਰਾਂ ਅਤੇ ਨਸ਼ੀਲੇ ਪਦਾਰਥਾਂ ਸਮੇਤ 10 ਲੋਕ ਵਿਅਕਤੀ ਕੀਤੇ ਗ੍ਰਿਫ਼ਤਾਰ

ਪੰਨਾ 1 ਦਾ ਬਾਕੀ

ਜੂਨ 2024 ਵਿੱਚ, ਓਂਟਾਰੀਓ ਵਿੱਚ ਕਈ ਸਰਚ ਵਾਰੰਟ ਜਾਰੀ ਕੀਤੇ ਗਏ, ਨਾਲ ਹੀ ਡੇਟਰਾਈਟ, ਮਿਸ਼ੀਗਨ ਵਿੱਚ ਵੀ ਕੁੱਝ ਵਾਰੰਟ ਜਾਰੀ ਕੀਤੇ ਗਏ।

ਸਕਾਟ ਨੇ ਬੁੱਧਵਾਰ ਨੂੰ ਕਿਹਾ ਕਿ ਸਾਡਾ ਮੰਨਣਾ ਹੈ ਕਿ ਇਸ ਜਾਂਚ ਵਿੱਚ ਜ਼ਬਤ ਕੀਤੇ ਗਏ ਹਥਿਆਰ ਮੁਲਜ਼ਮਾਂ ਦੇ ਹੱਥਾਂ ਵਿੱਚ ਪਹੁੰਚ ਗਏ ਹੋਣਗੇ, ਜਿਨ੍ਹਾਂ ਦਾ ਇਸਤੇਮਾਲ ਗੋਲੀਬਾਰੀ, ਕਾਰ ਚੋਰੀ, ਘਰ ਵਿੱਚ ਪ੍ਰਵੇਸ਼ ਅਤੇ ਹੋਰ ਹਿੰਸਕ ਕੰਮਾਂ ਵਿੱਚ ਕੀਤਾ ਜਾਵੇਗਾ। ਸਾਡਾ ਮੰਨਣਾ ਹੈ ਕਿ ਇਹ ਯੋਜਨਾ ਸਾਡੇ ਭਾਈਚਾਰੇ 'ਤੇ ਪ੍ਰਭਾਵ ਪਾਵੇਗੀ।

ਪੁਲਿਸ ਨੇ ਕਿਹਾ ਕਿ ਜਾਂਚ ਦੇ ਦੌਰਾਨ 10 ਆਦਮੀਆਂ ਨੂੰ ਗ੍ਰਿਫ਼ਤਾਰ ਕੀਤਾ ਅਤੇ ਉਨ੍ਹਾਂ 'ਤੇ ਹਥਿਆਰਾਂ ਦੀ ਤਸਕਰੀ ਅਤੇ ਨਸ਼ੀਲੇ ਪਦਾਰਥਾਂ ਦੀ ਤਸਕਰੀ ਨਾਲ ਸਬੰਧਤ ਕੁਲ 185 ਅਪਰਾਧਿਕ ਸੰਹਿਤਾ ਅਪਰਾਧਾਂ ਦਾ ਚਾਰਜਿਜ ਲਗਾਇਆ।

ਕੁਲ ਮਿਲਾਕੇ, 71 ਹਥਿਆਰ ਜ਼ਬਤ ਕੀਤੇ ਗਏ, ਜਿਨ੍ਹਾਂ ਵਿੱਚ 67 ਹੈਂਡਗਨ ਅਤੇ ਕੁੱਝ ਅਸਾਲਟ-ਸਟਾਈਲ ਰਾਈਫਲਾਂ, ਨਾਲ ਹੀ 180 ਰਾਊਂਡ ਗੋਲਾ-ਬਾਰੂਦ ਸ਼ਾਮਿਲ ਹਨ। ਪੁਲਿਸ ਨੇ ਕਿਹਾ ਕਿ 1 ਮਿਲੀਅਨ ਡਾਲਰ ਦੀਆਂ ਗ਼ੈਰਕਾਨੂੰਨੀ ਦਵਾਈਆਂ ਵੀ ਜ਼ਬਤ ਕੀਤੀਆਂ ਗਈਆਂ।



ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਵਿੱਚ 38 ਸਾਲਾ ਬਰੈਂਪਟਨ ਨਿਵਾਸੀ ਆਰਲੈਂਡੋ ਥਾਮਸ, 53 ਸਾਲਾ ਟੋਰਾਂਟੋ ਨਿਵਾਸੀ ਕਾਨਰਾਡ ਮੁਲਿੰਗਸ, 44 ਸਾਲਾ ਲੰਡਨ ਨਿਵਾਸੀ ਹਾਮਿਸੀ ਸਟੇਨਲੀ, 45 ਸਾਲਾ ਹੈਮਿਲਟਨ ਨਿਵਾਸੀ ਕੇਵਿਨ ਡਾਇਸ, 30 ਸਾਲਾ ਥਾਰਨਹਿਲ ਨਿਵਾਸੀ ਜਾਰਡਨ ਰਿਚਰਡਜ਼, 45 ਸਾਲਾ ਟੋਰਾਂਟੋ ਨਿਵਾਸੀ ਉਮਰ ਰੇਂਜਰ ਅਤੇ 41 ਸਾਲਾ ਲੀਮਿੰਗਟਨ ਨਿਵਾਸੀ ਸ਼ੇਲਡਨ ਸਟੀਵਰਟ ਸ਼ਾਮਿਲ ਹਨ। ਪੁਲਿਸ ਨੇ ਦੱਸਿਆ ਕਿ ਬਾਕੀ ਤਿੰਨ ਆਦਮੀਆਂ ਨੂੰ ਸ਼ਰਤਾਂ ਤਹਿਤ ਰਿਹਾਅ ਕਰ ਦਿੱਤਾ ਗਿਆ ਅਤੇ ਉਹ ਬਾਅਦ ਵਿੱਚ ਓਂਟਾਰੀਓ ਕੋਰਟ ਆਫ ਜਸਟਿਸ ਵਿੱਚ ਪੇਸ਼ ਹੋਣਗੇ। ਇਨ੍ਹਾਂ ਵਿੱਚ 34 ਸਾਲਾ ਟੋਰਾਂਟੋ ਨਿਵਾਸੀ ਏਡਮ ਉੱਕਰ, 53 ਸਾਲਾ ਵਾਨ ਨਿਵਾਸੀ ਗਾਰਫੀਲਡ ਮਾਰਿਸਨ ਅਤੇ 59 ਸਾਲਾ ਮਿਸੀਸਾਗਾ ਨਿਵਾਸੀ ਮਾਈਕਲ ਬੇਲ ਸ਼ਾਮਿਲ ਹੈ।

# ਪੰਜਾਬ ਪੁਲਿਸ ਨੇ ਰਾਜਸਥਾਨ ਪੁਲਿਸ ਨਾਲ ਸਾਂਝੀ ਕਾਰਵਾਈ ਤਹਿਤ ਲਾਰੇਂਸ ਬਿਸ਼ਨੋਈ ਗੈਂਗ ਦੇ ਤਿੰਨ ਕਾਰਕੁਨਾਂ ਨੂੰ ਕੀਤਾ ਗ੍ਰਿਫਤਾਰ, ਦੋ ਪਿਸਤੌਲ ਬਰਾਮਦ

ਚੰਡੀਗੜ੍ਹ, 17 ਜੁਲਾਈ (ਪੋਸਟ ਬਿਊਰੋ): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਦੂਰਅੰਦੇਸ਼ ਸੋਚ ਅਨੁਸਾਰ ਪੰਜਾਬ ਨੂੰ ਸੁਰੱਖਿਅਤ ਸੂਬਾ ਬਣਾਉਣ ਲਈ ਚੱਲ ਰਹੀ ਮੁਹਿੰਮ ਤਹਿਤ ਸੰਗਠਿਤ ਅਪਰਾਧ ਵਿਰੁੱਧ ਇੱਕ ਵੱਡੀ ਸਫਲਤਾ ਦਰਜ ਕਰਦੇ ਹੋਏ, ਐਂਟੀ ਗੈਂਗਸਟਰ ਟਾਸਕ ਫੋਰਸ (ਏਜੀਟੀਐਫ) ਪੰਜਾਬ ਨੇ ਰਾਜਸਥਾਨ ਪੁਲਿਸ ਅਤੇ ਬਠਿੰਡਾ ਪੁਲਿਸ ਨਾਲ ਸਾਂਝੀ ਕਾਰਵਾਈ ਦੌਰਾਨ ਲਾਰੈਂਸ ਬਿਸ਼ਨੋਈ ਅਤੇ ਅਮਰੀਕਾ ਅਧਾਰਿਤ ਗੋਲਡੀ ਬਰਾੜ ਗੈਂਗ ਦੇ ਤਿੰਨ ਕਾਰਕੁਨਾਂ ਨੂੰ ਗ੍ਰਿਫਤਾਰ ਕੀਤਾ ਹੈ।

ਇਹ ਜਾਣਕਾਰੀ ਦਿੰਦਿਆਂ ਡਾਇਰੈਕਟਰ ਜਨਰਲ ਆਫ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਬੁੱਧਵਾਰ ਨੂੰ ਇਥੇ ਦੱਸਿਆ ਕਿ ਫੜੇ ਗਏ ਵਿਅਕਤੀਆਂ ਦੀ ਪਛਾਣ ਗੁਰਪ੍ਰੀਤ ਸਿੰਘ ਵਾਸੀ ਭੀਖੀ (ਮਾਨਸਾ), ਮਨਿੰਦਰ ਸਿੰਘ ਉਰਫ਼ ਮੁਨਸ਼ੀ ਵਾਸੀ ਤਲਵੰਡੀ ਸਾਬੋ (ਬਠਿੰਡਾ) ਅਤੇ ਹਰਚਰਨਜੀਤ ਸਿੰਘ ਵਾਸੀ ਪਿੰਡ ਬੀੜ ਖੁਰਦ (ਮਾਨਸਾ) ਵਜੋਂ ਹੋਈ ਹੈ। ਸਾਰੇ ਮੁਲਜ਼ਮ ਅਪਰਾਧਿਕ ਪਿਛੋਕੜ ਵਾਲੇ ਹਨ ਅਤੇ ਉਨ੍ਹਾਂ ਵਿਰੁੱਧ ਕਤਲ, ਇਰਾਦਾ ਕਤਲ , ਆਰਮਜ਼ ਐਕਟ ਅਤੇ ਐਨਡੀਪੀਐਸ ਐਕਟ ਨਾਲ ਸਬੰਧਤ ਕੇਸ ਦਰਜ ਹਨ।

ਪੁਲਿਸ ਟੀਮਾਂ ਨੇ ਗ੍ਰਿਫ਼ਤਾਰ ਕੀਤੇ ਮੁਲਜ਼ਮਾਂ ਕੋਲੋਂ ਦੋ .32 ਬੋਰ ਦੇ ਪਿਸਤੌਲ ਅਤੇ ਛੇ ਜਿੰਦਾ ਕਾਰਤੂਸ ਵੀ ਬਰਾਮਦ ਕੀਤੇ ਹਨ ।



ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਪੁਖ਼ਤਾ ਇਤਲਾਹ 'ਤੇ ਕਾਰਵਾਈ ਕਰਦੇ ਹੋਏ ਏ.ਡੀ.ਜੀ.ਪੀ ਪ੍ਰਮੋਦ ਬਾਨ ਦੀ ਸਮੁੱਚੀ ਨਿਗਰਾਨੀ ਹੇਠ ਏ.ਜੀ.ਟੀ.ਐਫ ਦੀਆਂ ਟੀਮਾਂ ਨੇ ਬਠਿੰਡਾ ਪੁਲੀਸ ਦੀਆਂ ਟੀਮਾਂ ਅਤੇ ਰਾਜਸਥਾਨ ਪੁਲੀਸ ਦੇ ਸਹਿਯੋਗ ਨਾਲ ਦੋਸ਼ੀ ਹਰਚਰਨਜੀਤ ਸਿੰਘ, ਜੋ ਕਿ ਮਾਨਸਾ ਪੁਲਿਸ ਨੂੰ ਇਰਾਦਾ ਕਤਲ ਕੇਸ ਵਿੱਚ ਵੀ ਲੋੜੀਂਦਾ ਸੀ, ਨੂੰ ਕਾਬੂ ਕਰਨ ਵਿੱਚ ਸਫਲਤਾ ਹਾਸਲ ਕੀਤੀ। ਪੁਲਿਸ ਟੀਮਾਂ ਨੇ ਏ.ਆਈ.ਜੀ. ਸੰਦੀਪ ਗੋਇਲ ਦੀ ਅਗਵਾਈ ਅਤੇ ਡੀ.ਐਸ.ਪੀ. ਰਾਜਨ ਪਰਮਿੰਦਰ ਦੀ ਕਮਾਨ ਹੇਠ ਇਸ ਆਪ੍ਰੇਸ਼ਨ ਨੂੰ ਅੰਜਾਮ ਦਿੱਤਾ ।

ਉਨ੍ਹਾਂ ਦੱਸਿਆ ਕਿ ਪੁੱਛਗਿੱਛ ਦੌਰਾਨ ਮੁਲਜ਼ਮ ਹਰਚਰਨਜੀਤ ਨੇ ਖੁਲਾਸਾ ਕੀਤਾ ਕਿ ਉਹ ਕਥਿਤ ਗੈਂਗਸਟਰ ਮਨਪ੍ਰੀਤ ਸਿੰਘ ਉਰਫ਼ ਮੰਨਾ ਦੇ ਇਸ਼ਾਰੇ 'ਤੇ ਕੰਮ ਕਰਦਾ ਹੈ ਅਤੇ ਗੈਂਗਸਟਰ ਮੰਨਾ ਨੇ ਉਸ ਨੂੰ ਦੋਸ਼ੀ ਗੁਰਪ੍ਰੀਤ ਅਤੇ ਮਨਿੰਦਰ ਮੁਨਸ਼ੀ ਦੀ ਵਿਰੋਧੀ ਗੈਂਗ ਦੇ ਮੈਂਬਰ ਨੂੰ ਖ਼ਤਮ ਕਰਨ ਵਿੱਚ ਮਦਦ ਕਰਨ ਦਾ ਕੰਮ ਸੌਂਪਿਆ ਸੀ। ਜ਼ਿਕਰਯੋਗ ਹੈ ਕਿ ਗੈਂਗਸਟਰ ਮੰਨਾ, ਜੋ ਇਸ ਸਮੇਂ ਰੋਪੜ ਜੇਲ੍ਹ ਵਿੱਚ ਬੰਦ ਹੈ, ਲਾਰੈਂਸ ਬਿਸ਼ਨੋਈ ਦਾ ਕਰੀਬੀ ਸਾਥੀ ਹੈ।

ਡੀਜੀਪੀ ਨੇ ਦੱਸਿਆ ਕਿ ਮੁਲਜ਼ਮ ਹਰਚਰਨਜੀਤ ਦੇ ਖੁਲਾਸੇ 'ਤੇ ਕਾਰਵਾਈ ਕਰਦਿਆਂ ਪੁਲਿਸ ਟੀਮਾਂ ਨੇ ਦੋਵਾਂ ਮੁਲਜ਼ਮਾਂ ਨੂੰ ਕਾਬੂ ਕਰਨ ਲਈ ਵੱਡੀ ਛਾਪੇਮਾਰੀ ਸ਼ੁਰੂ ਕੀਤੀ ਅਤੇ ਦੋਸ਼ੀਆਂ ਨੂੰ ਬਠਿੰਡਾ ਦੇ ਮਾਨਸਾ ਰੋਡ ਤੋਂ ਗ੍ਰਿਫਤਾਰ ਕਰਨ ਵਿੱਚ ਕਾਮਯਾਬੀ ਹਾਸਲ ਕੀਤੀ । ਉਨ੍ਹਾਂ ਕਿਹਾ ਕਿ ਇਸ ਮਾਮਲੇ ਵਿੱਚ ਅਗਲੇ -ਪਿਛਲੇ ਸਬੰਧ ਸਥਾਪਤ ਕਰਨ ਲਈ ਹੋਰ ਜਾਂਚ ਜਾਰੀ ਹੈ।

ਡੀਜੀਪੀ ਗੌਰਵ ਯਾਦਵ ਨੇ ਇਸ ਅੰਤਰ-ਰਾਜੀ ਕਾਰਵਾਈ ਨੂੰ ਸਫਲਤਾਪੂਰਵਕ ਨੇਪਰੇ ਚਾੜ੍ਹਨ ਵਿੱਚ ਪੰਜਾਬ ਪੁਲਿਸ ਨੂੰ ਦਿੱਤੇ ਸ਼ਾਨਦਾਰ ਸਹਿਯੋਗ ਲਈ ਡੀਜੀਪੀ ਰਾਜਸਥਾਨ ਦਾ ਵੀ ਧੰਨਵਾਦ ਕੀਤਾ।

ਇਸ ਸਬੰਧੀ ਐਫਆਈਆਰ ਨੰਬਰ 72 ਅਧੀਨ ਥਾਣਾ ਮੌੜ ਬਠਿੰਡਾ ਵਿਖੇ ਅਸਲਾ ਐਕਟ ਦੀ ਧਾਰਾ 25 ਤਹਿਤ ਮੁਕੱਦਮਾ ਕੀਤਾ ਗਿਆ ਹੈ।

# ਸ੍ਰੀ ਗੁਰੂ ਰਾਮਦਾਸ ਜੀ ਦੇ ਗੁਰਤਾ ਗੱਦੀ ਦਿਵਸ ਅਤੇ ਸ੍ਰੀ ਗੁਰੂ ਅਮਰਦਾਸ ਜੀ ਦੀ ਜੋਤੀ ਜੋਤਿ ਦਿਵਸ ਦੀ 450 ਸਾਲਾ ਸ਼ਤਾਬਦੀ ਸਬੰਧੀ ਇਕੱਤਰਤਾ

### ਸ਼ਤਾਬਦੀ ਨੂੰ ਸਮਰਪਿਤ ਸ੍ਰੀ ਖਡੂਰ ਸਾਹਿਬ, ਸ੍ਰੀ ਅਨੰਦਪੁਰ ਸਾਹਿਬ, ਪਟਿਆਲਾ ਤੇ ਅੰਮ੍ਰਿਤਸਰ ਵਿਖੇ ਕੀਤੇ ਜਾਣਗੇ ਸੈਮੀਨਾਰ

ਅੰਮ੍ਰਿਤਸਰ, 17 ਜੁਲਾਈ (ਪੋਸਟ ਬਿਊਰੋ): ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਗੁਰੂ ਰਾਮਦਾਸ ਜੀ ਦੇ ਗੁਰਤਾ ਗੱਦੀ ਦਿਵਸ ਅਤੇ ਸ੍ਰੀ ਗੁਰੂ ਅਮਰਦਾਸ ਜੀ ਦੀ ਜੋਤੀ ਜੋਤਿ ਦਿਵਸ ਦੀ 450 ਸਾਲਾ ਸ਼ਤਾਬਦੀ ਸਬੰਧੀ ਦੀਆਂ ਤਿਆਰੀਆਂ ਸਬੰਧੀ ਅੱਜ ਸ਼੍ਰੋਮਣੀ ਕਮੇਟੀ ਦੇ ਦਫ਼ਤਰ ਵਿਖੇ ਸਬ-ਕਮੇਟੀ ਦੀ ਇਕੱਤਰਤਾ ਦੌਰਾਨ ਸ਼ਤਾਬਦੀ ਨੂੰ ਸਮਰਪਿਤ ਚਾਰ ਸੈਮੀਨਾਰ ਕਰਵਾਉਣ ਦਾ ਫੈਸਲਾ ਕੀਤਾ ਗਿਆ ਹੈ। ਇਹ ਸੈਮੀਨਾਰ ਖਡੂਰ ਸਾਹਿਬ, ਪਟਿਆਲਾ, ਸ੍ਰੀ ਗੁਰੂ ਤੇਗ ਬਹਾਦਰ ਕਾਲਜ ਸ੍ਰੀ ਅਨੰਦਪੁਰ ਸਾਹਿਬ ਅਤੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਸ੍ਰੀ ਅੰਮ੍ਰਿਤਸਰ ਵਿਖੇ ਕਰਵਾਏ ਜਾਣਗੇ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸ਼੍ਰੋਮਣੀ ਕਮੇਟੀ ਦੇ ਜੂਨੀਅਰ ਮੀਤ ਪ੍ਰਧਾਨ ਭਾਈ ਗੁਰਬਖ਼ਸ਼ ਸਿੰਘ ਖਾਲਸਾ ਨੇ ਦੱਸਿਆ ਕਿ ਸ਼ਤਾਬਦੀ ਸਮਾਗਮਾਂ ਨੂੰ ਲੈ ਕੇ ਸ਼੍ਰੋਮਣੀ ਗੁਰਦੁ-ਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਵੱਲੋਂ ਵੱਖ-ਵੱਖ ਸਬ-ਕਮੇਟੀਆਂ ਬਣਾਈਆਂ ਗਈਆਂ ਸਨ। ਉਨ੍ਹਾਂ ਦੱਸਿਆ ਕਿ ਅੱਜ ਦੀ ਇਕੱਤਰਤਾ ਵਿਚ ਸ਼ਤਾਬਦੀ ਨੂੰ ਸਮਰਪਿਤ ਕੀਤੇ ਜਾਣ ਵਾਲੇ ਚਾਰ ਸੈਮੀਨਾਰਾਂ ਬਾਰੇ ਵੀ ਵਿਚਾਰ ਚਰਚਾ ਹੋਈ। ਉਨ੍ਹਾਂ ਕਿਹਾ ਕਿ ਸੈਮੀਨਾਰ ਕਰਵਾਉਣ ਦਾ ਮੰਤਵ ਗੁਰੂ ਸਾਹਿਬਾਨ ਸਬੰਧੀ ਇਤਿਹਾਸ ਦੇ ਖੋਜ ਕਾਰਜਾਂ ਨੂੰ ਉਤਸ਼ਾਹਿਤ ਕਰਨਾ ਹੈ, ਤਾਂ ਜੋ ਆਉਣ ਵਾਲੀ ਪੀੜ੍ਹੀ ਲਈ ਦਸਤਾਵੇਜ਼ ਸੰਗ੍ਰਹਿਤ ਕੀਤੇ ਜਾ ਸਕਣ। ਉਨ੍ਹਾਂ ਕਿਹਾ ਕਿ ਇਨ੍ਹਾਂ ਸੈਮੀਨਾਰਾਂ ਵਿਚ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ ਦੇ ਵਿਦਵਾਨਾਂ ਨੂੰ ਸੱਦਿਆ ਜਾਵੇਗਾ ਅਤੇ ਉਨ੍ਹਾਂ ਦੇ ਖੋਜ ਪੱਤਰਾਂ ਉੱਪਰ ਵਿਚਾਰ ਚਰਚਾ ਹੋਵੇਗੀ। ਭਾਈ ਖਾਲਸਾ ਨੇ ਕਿਹਾ ਕਿ ਸੈਮੀਨਾਰਾਂ ਦੀਆਂ ਤਰੀਕਾਂ ਜਲਦ ਨਿਰਧਾਰਤ ਕਰ ਲਈਆਂ ਜਾਣਗੀਆਂ।

ਦੱਸਣਯੋਗ ਹੈ ਕਿ ਸ਼ਤਾਬਦੀ ਮੌਕੇ 13 ਅਤੇ 14 ਸਤੰਬਰ 2024 ਨੂੰ ਗੁਰ-ਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਸ੍ਰੀ ਅੰਮ੍ਰਿਤਸਰ ਅਤੇ 15, 16, 17 ਅਤੇ 18 ਸਤੰਬਰ ਨੂੰ ਸ੍ਰੀ ਗੋਇੰਦਵਾਲ ਸਾਹਿਬ ਵਿਖੇ ਸਮਾਗਮ ਹੋਣਗੇ।

ਇਕੱਤਰਤਾ 'ਚ ਸ਼੍ਰੋਮਣੀ ਕਮੇਟੀ ਦੇ ਜੂਨੀਅਰ ਮੀਤ ਪ੍ਰਧਾਨ ਗੁਰਬਖ਼ਸ਼ ਸਿੰਘ ਖਾਲਸਾ, ਅੰਤ੍ਰਿੰਗ ਮੈਂਬਰ ਜਸਮੇਰ ਸਿੰਘ ਲਾਛੜੂ, ਮੈਂਬਰ ਭਾਈ ਅਮਜੀਤ ਸਿੰਘ ਚਾਵਲਾ, ਭਾਈ ਗੁਰਚਰਨ ਸਿੰਘ ਗਰੇਵਾਲ, ਸੁਰਜੀਤ ਸਿੰਘ ਭਿੱਟੇਵੱਡ, ਹਰਜਾਪ ਸਿੰਘ ਸੁਲਤਾਨਵਿੰਡ, ਭਾਈ ਅਜਾਇਬ ਸਿੰਘ ਅਭਿਆਸੀ, ਐਡਵੋਕੇਟ ਭਗਵੰਤ ਸਿੰਘ ਸਿਆਲਕਾ, ਰਾਮਪਾਲ ਸਿੰਘ ਬਹਿਣੀਵਾਲ, ਮੀਤ ਸਕੱਤਰ ਪ੍ਰੋ. ਸੁਖਦੇਵ ਸਿੰਘ, ਹਰਭਜਨ ਸਿੰਘ ਵਕਤਾ, ਇੰਚਾਰਜ ਜੋਗੇਸ਼ਵਰ ਸਿੰਘ, ਕਰਤਾਰ ਸਿੰਘ ਆਦਿ ਹਾਜ਼ਰ ਸਨ।


TAX & ACCOUNTING

TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX

ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ

Call for Professional Advice
905.247.0193
info@grovercpa.ca

Harcharan S. Grover
Chartered Accountant

GroVerCPA Professional Corporation

214-7895 Tranmere Drive, Mississauga ON L5S 1V9

Allseas Fisheries Inc. is Hiring!
DZ licensed delivery drivers needed.
Pay is $24/hour. Full time, permanent
Should work any day of the week, including weekends.
If interested, please forward resume to rgidda@allseas.net

ਬਰਾੜ ਗਰਾਜ ਡੋਰ
ਅਸੀਂ ਰੀਪੇਅਰ ਕਰਦੇ ਹਾਂ :
BROKEN SPRINGS
CABLES & ROLLERS
GARAGE DOOR OPENERS
We Install Garage Door Openers
ਸੰਪਰਕ ਕਰੋ: (416) 357-4082, ਈਮੇਲ ਕਰੋ: brargaragedoors@gmail.com

ਆਓ ਸੱਤ ਸਮੁੰਦਰੋ ਪਾਰ ਵਾਲਿਆਂ ਦਾ ਵੀ ਸੋਚੀਏ
Super Visa
- How your spouse can join you within 4-6 months
- How your parents can join you
- How students & skilled people can come to Canada
- How international Students & Foreign workers can get their immigration

We do appeal for Refusal cases also
Sponsor Your Family
MacroGlobal Immigration Services Ltd.
Seema Bhayana
ICCRC
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com

SherGill Law Firm
Barrister, Solicitor & Notary Public
Services:
* Real Estate
* Residential, Commercial & Franchise
* Criminal Law
* Family Law
* Affidavit, Power Of Attorney & Notarization
* Immigration Matters
Paramjit Singh Gill (MBA,LL.B.)
Tel: 905-790-3636
2565 Steeles Ave E Unit #20, Brampton, ON L6T 4L6
Emergency Contact: 416.910.5676
www.shergilllawfirm.ca

# ਪੰਜਾਬ ਵਿਧਾਨ ਸਭਾ ਸਪੀਕਰ ਵੱਲੋਂ ਹਾਊਸ ਦੀਆਂ ਵੱਖ-ਵੱਖ ਕਮੇਟੀਆਂ ਦੇ ਮੈਂਬਰ ਨਾਮਜ਼ਦ

ਚੰਡੀਗੜ੍ਹ, 17 ਜੁਲਾਈ (ਪੋਸਟ ਬਿਊਰੋ): ਪੰਜਾਬ ਵਿਧਾਨ ਸਭਾ ਸਪੀਕਰ ਕੁਲਤਾਰ ਸਿੰਘ ਸੰਧਵਾਂ ਵੱਲੋਂ ਪੰਜਾਬ ਵਿਧਾਨ ਸਭਾ ਦੇ ਮੈਂਬਰਾਂ ਨੂੰ ਸਾਲ 2024-25 ਲਈ ਹਾਊਸ ਦੀਆਂ ਵੱਖ-ਵੱਖ ਕਮੇਟੀਆਂ 'ਤੇ ਸੇਵਾਵਾਂ ਨਿਭਾਉਣ ਲਈ ਨਾਮਜ਼ਦ ਕੀਤਾ ਗਿਆ ਹੈ।

ਅੱਜ ਇੱਥੇ ਜਾਰੀ ਇੱਕ ਪ੍ਰੈਸ ਬਿਆਨ ਮੁਤਾਬਿਕ ਪੰਜਾਬ ਵਿਧਾਨ ਸਭਾ ਦੇ ਸਪੀਕਰ ਵੱਲੋਂ ਰਾਣਾ ਗੁਰਜੀਤ ਸਿੰਘ ਨੂੰ ਲੋਕ ਲੇਖਾ ਕਮੇਟੀ ਦਾ ਚੇਅਰਮੈਨ, ਸ੍ਰੀਮਤੀ ਸਰਵਜੀਤ ਕੌਰ ਮਾਣੂਕੇ ਨੂੰ ਸਰਕਾਰੀ ਕਾਰੋਬਾਰ ਕਮੇਟੀ ਦੀ ਚੇਅਰਪਰਸਨ, ਡਿਪਟੀ ਸਪੀਕਰ ਸ. ਜੈ ਕ੍ਰਿਸ਼ਨ ਸਿੰਘ ਨੂੰ ਅਨੁਮਾਨ ਕਮੇਟੀ ਦਾ ਚੇਅਰਮੈਨ, ਡਾ. ਰਵਜੋਤ ਸਿੰਘ ਨੂੰ ਅਨੁਸੂਚਿਤ ਜਾਤੀਆਂ, ਅਨੁਸੂਚਿਤ ਕਬੀਲਿਆਂ ਅਤੇ ਪੱਛੜੀਆਂ ਸ਼੍ਰੇਣੀਆਂ ਦੀ ਭਲਾਈ ਲਈ ਕਮੇਟੀ ਦਾ ਚੇਅਰਮੈਨ, ਡਿਪਟੀ ਸਪੀਕਰ ਸ. ਜੈ ਕ੍ਰਿਸ਼ਨ ਸਿੰਘ ਨੂੰ ਹਾਊਸ ਕਮੇਟੀ ਦਾ ਚੇਅਰਮੈਨ, ਸ੍ਰੀ ਗੁਰਪ੍ਰੀਤ ਬੱਸੀ ਗੋਗੀ ਨੂੰ ਸਥਾਨਕ ਸੰਸਥਾਵਾਂ ਸਬੰਧੀ ਕਮੇਟੀ ਦਾ ਚੇਅਰਮੈਨ, ਸ੍ਰੀ ਬੁੱਧ ਰਾਮ ਨੂੰ ਪੰਚਾਇਤੀ ਰਾਜ ਇਕਾਈਆਂ ਸਬੰਧੀ ਕਮੇਟੀ ਦਾ ਚੇਅਰਮੈਨ, ਸ. ਸਰਵਣ ਸਿੰਘ ਧੁੰਨ ਨੂੰ ਖੇਤੀਬਾੜੀ ਅਤੇ ਇਸ ਨਾਲ ਜੁੜੀਆਂ ਗਤੀਵਿਧੀਆਂ ਸਬੰਧੀ ਕਮੇਟੀ ਦਾ ਚੇਅਰਮੈਨ, ਸ. ਗੁਰਪ੍ਰੀਤ ਸਿੰਘ ਬਨਾਂਵਾਲੀ ਨੂੰ ਸਹਿਕਾਰਤਾ ਅਤੇ ਇਸ ਨਾਲ ਜੁੜੀਆਂ ਗਤੀਵਿਧੀਆਂ ਸਬੰਧੀ ਕਮੇਟੀ ਦਾ ਚੇਅਰਮੈਨ, ਸ. ਕੁਲਵੰਤ ਸਿੰਘ ਪੰਡੋਰੀ ਨੂੰ ਵਿਸ਼ੇਸ਼ ਅਧਿਕਾਰ ਕਮੇਟੀ ਦਾ ਚੇਅਰਮੈਨ, ਸ. ਦਵਿੰਦਰਜੀਤ ਸਿੰਘ ਲਾਡੀ ਢੋਸ ਨੂੰ ਸਰਕਾਰੀ ਆਸ਼ਵਾਸਨਾਂ ਕਮੇਟੀ ਦਾ ਚੇਅਰਮੈਨ, ਸ. ਅਮਰਪਾਲ ਸਿੰਘ ਨੂੰ ਅਧੀਨ ਵਿਧਾਨ ਕਮੇਟੀ ਦਾ ਚੇਅਰਮੈਨ, ਸ. ਮਨਜੀਤ ਸਿੰਘ ਬਿਲਾਸਪੁਰ ਨੂੰ ਪਟੀਸ਼ਨ ਕਮੇਟੀ ਦਾ ਚੇਅਰਮੈਨ, ਡਾ. ਇੰਦਰਬੀਰ ਸਿੰਘ ਨਿੱਝਰ ਨੂੰ ਮੇਜ਼ 'ਤੇ ਰੱਖੇ ਗਏ/ਰੱਖੇ ਜਾਣ ਵਾਲੇ ਕਾਗਜ਼-ਪੱਤਰਾਂ ਸਬੰਧੀ ਅਤੇ ਲਾਇਬ੍ਰੇਰੀ ਕਮੇਟੀ ਦਾ ਚੇਅਰਮੈਨ ਅਤੇ ਸ. ਜਗਰੂਪ ਸਿੰਘ ਗਿੱਲ ਨੂੰ ਕੁਐਸਚਨਜ਼ ਅਤੇ ਰੈਫ਼ਰੈਂਸਿਜ਼ ਕਮੇਟੀ ਦਾ ਚੇਅਰਮੈਨ ਨਾਮਜ਼ਦ ਕੀਤਾ ਗਿਆ ਹੈ।

1. ਲੋਕ ਲੇਖਾ ਕਮੇਟੀ: ਰਾਣਾ ਗੁਰਜੀਤ ਸਿੰਘ, ਚੇਅਰਮੈਨ ਅਤੇ ਸ. ਅਜੀਤਪਾਲ ਸਿੰਘ ਕੋਹਲੀ, ਸ੍ਰੀ ਅਮਨਦੀਪ ਸਿੰਘ ਮੁਸਾਫਿਰ, ਡਾ. ਚਰਨਜੀਤ ਸਿੰਘ, ਸ. ਨਰਿੰਦਰਪਾਲ ਸਿੰਘ ਸਵਨਾ, ਸ. ਗੁਰ-ਦੇਵ ਸਿੰਘ ਦੇਵ ਮਾਨ, ਸ. ਮਨਵਿੰਦਰ ਸਿੰਘ ਗਿਆਸਪੁਰਾ, ਡਾ. ਵਿਜੈ ਸਿੰਗਲਾ, ਸ. ਹਰਦੀਪ ਸਿੰਘ ਮੁੰਡੀਆਂ, ਸ. ਜਸਵੀਰ ਸਿੰਘ ਰਾਜਾ ਗਿੱਲ, ਸ. ਹਰਦੇਵ ਸਿੰਘ ਲਾਡੀ ਅਤੇ ਡਾ. ਸੁਖਵਿੰਦਰ ਕੁਮਾਰ ਸੁੱਖੀ ਮੈਂਬਰ ਹਨ।

2. ਸਰਕਾਰੀ ਕਾਰੋਬਾਰ ਕਮੇਟੀ: ਸ੍ਰੀਮਤੀ ਸਰਵਜੀਤ ਕੌਰ ਮਾਣੂਕੇ ਚੇਅਰਪਰਸਨ ਅਤੇ ਡਾ. ਅਜੈ ਗੁਪਤਾ, ਸ. ਦਲਬੀਰ ਸਿੰਘ ਟੌਂਗ, ਸ. ਕੁਲ-ਵੰਤ ਸਿੰਘ ਬਾਜ਼ੀਗਰ, ਸ. ਗੁਰਦਿੱਤ ਸਿੰਘ ਸੇਖੋਂ, ਸ੍ਰੀ ਮਦਨ ਲਾਲ ਬੱਗਾ, ਸ੍ਰੀਮਤੀ ਨੀਨਾ ਮਿੱਤਲ, ਸ. ਹਰਮੀਤ ਸਿੰਘ ਪਠਾਨਮਾਜਰਾ, ਸ੍ਰੀ ਗੁਰਲਾਲ ਘਨੌਰ, ਸ੍ਰੀ ਬਰਿੰਦਰ ਕੁਮਾਰ ਗੋਇਲ ਵਕੀਲ, ਡਾ. ਮੁਹੰਮਦ ਜਮੀਲ-ਉਰ-ਰਹਿਮਾਨ, ਸ. ਤ੍ਰਿਪਤ ਰਜਿੰਦਰ ਸਿੰਘ ਬਾਜਵਾ ਅਤੇ ਸ. ਸੁਖਬਿੰਦਰ ਸਿੰਘ ਸਰਕਾਰੀਆ ਮੈਂਬਰ ਹਨ।

3. ਅਨੁਮਾਨ ਕਮੇਟੀ: ਡਿਪਟੀ ਸਪੀਕਰ ਸ. ਜੈ ਕ੍ਰਿਸ਼ਨ ਸਿੰਘ ਚੇਅਰਮੈਨ ਅਤੇ ਸ. ਗੁਰਿੰਦਰ ਸਿੰਘ ਗੈਰੀ ਬੜਿੰਗ, ਸ. ਰੁਪਿੰਦਰ ਸਿੰਘ, ਸ੍ਰੀ ਜਗਦੀਪ ਗੋਲਡੀ ਕੰਬੋਜ, ਸ. ਜੀਵਨ ਸਿੰਘ ਸੰਗੋਵਾਲ, ਸ. ਅਮੋਲਕ ਸਿੰਘ, ਸ. ਕਰਮਬੀਰ ਸਿੰਘ, ਸ. ਅੰਮ੍ਰਿਤਪਾਲ ਸਿੰਘ ਸੁਖਾਨੰਦ, ਸ. ਕੁਲਵੰਤ ਸਿੰਘ, ਸ੍ਰੀਮਤੀ ਇੰਦਰਜੀਤ ਕੌਰ ਮਾਨ, ਸ੍ਰੀ ਨਰੇਸ਼ ਕਟਾਰੀਆ, ਸ. ਬਰਿੰਦਰਮੀਤ ਸਿੰਘ ਪਾਹੜਾ ਅਤੇ ਸ੍ਰੀ ਨਰੇਸ਼ ਪੁਰੀ ਮੈਂਬਰ ਹਨ।

4. ਅਨੁਸੂਚਿਤ ਜਾਤੀਆਂ, ਅਨੁਸੂਚਿਤ ਕਬੀਲਿਆਂ ਅਤੇ ਪੱਛੜੀਆਂ ਸ਼੍ਰੇਣੀਆਂ ਦੀ ਭਲਾਈ ਲਈ ਕਮੇਟੀ: ਡਾ. ਰਵਜੋਤ ਸਿੰਘ ਚੇਅਰਮੈਨ ਅਤੇ ਡਾ. ਜਸਬੀਰ ਸਿੰਘ ਸੰਧੂ, ਸ. ਦਲਬੀਰ ਸਿੰਘ ਟੌਂਗ, ਸ੍ਰੀ ਅਮਿਤ ਰਤਨ ਕੋਟਫੱਤਾ, ਸ. ਲਾਭ ਸਿੰਘ ਉਗੋਕੇ, ਸ. ਜਗਸੀਰ ਸਿੰਘ, ਸ. ਗੁਰਦੇਵ ਸਿੰਘ ਦੇਵ ਮਾਨ, ਸ੍ਰੀ ਰਜਨੀਸ਼ ਕੁਮਾਰ ਦਹੀਆ, ਡਾ. ਚਰਨਜੀਤ ਸਿੰਘ, ਸ੍ਰੀ ਸੁਖਵਿੰਦਰ ਸਿੰਘ ਕੋਟਲੀ, ਸ੍ਰੀ ਵਿਕਰਮਜੀਤ ਸਿੰਘ ਚੌਧਰੀ ਅਤੇ ਡਾ. ਨਛੱਤਰ ਪਾਲ ਮੈਂਬਰ ਹਨ।

5. ਹਾਊਸ ਕਮੇਟੀ: ਡਿਪਟੀ ਸਪੀਕਰ ਸ. ਜੈ ਕ੍ਰਿਸ਼ਨ ਸਿੰਘ ਚੇਅਰਮੈਨ ਅਤੇ ਸ. ਕੁਲਵੰਤ ਸਿੰਘ ਸਿੱਧੂ, ਸ੍ਰੀਮਤੀ ਰਜਿੰਦਰ ਪਾਲ ਕੌਰ, ਸ. ਕਰਮਬੀਰ ਸਿੰਘ, ਸ. ਹਾਕਮ ਸਿੰਘ ਠੇਕੇਦਾਰ, ਸ੍ਰੀਮਤੀ ਨੀਨਾ ਮਿੱਤਲ, ਸ. ਮਨਜਿੰਦਰ ਸਿੰਘ ਲਾਲਪੁਰਾ, ਸ. ਕੁਲਵੰਤ ਸਿੰਘ ਬਾਜ਼ੀਗਰ ਅਤੇ ਸ. ਸੁਖਬਿੰਦਰ ਸਿੰਘ ਸਰਕਾਰੀਆ ਮੈਂਬਰ ਹਨ।

6. ਸਥਾਨਕ ਸੰਸਥਾਵਾਂ ਸਬੰਧੀ ਕਮੇਟੀ: ਸ੍ਰੀ ਗੁਰਪ੍ਰੀਤ ਬੱਸੀ ਗੋਗੀ ਚੇਅਰਮੈਨ ਅਤੇ ਸ. ਕੁਲਜੀਤ ਸਿੰਘ ਰੰਧਾਵਾ, ਸ੍ਰੀਮਤੀ ਜੀਵਨਜੋਤ ਕੌਰ, ਸ. ਤਰੁਨਪ੍ਰੀਤ ਸਿੰਘ ਸੌਂਧ, ਸ੍ਰੀ ਮਦਨ ਲਾਲ ਬੱਗਾ, ਸ੍ਰੀ ਅਮਨਸ਼ੇਰ ਸਿੰਘ (ਸ਼ੈਰੀ ਕਲਸੀ), ਸ੍ਰੀਮਤੀ ਨੀਨਾ ਮਿੱਤਲ, ਸ. ਅਜੀਤ ਪਾਲ ਸਿੰਘ ਕੋਹਲੀ, ਸ੍ਰੀ ਅਸ਼ੋਕ ਪਰਾਸ਼ਰ (ਪੱਪੀ), ਡਾ. ਕਸ਼ਮੀਰ ਸਿੰਘ ਸੋਹਲ, ਡਾ. ਅਮਨਦੀਪ ਕੌਰ ਅਰੋੜਾ, ਸ੍ਰੀ ਅਵਤਾਰ ਸਿੰਘ ਜੂਨੀਅਰ ਅਤੇ ਸ. ਬਲਵਿੰਦਰ ਸਿੰਘ ਧਾਲੀਵਾਲ ਮੈਂਬਰ ਹਨ।

7. ਪੰਚਾਇਤੀ ਰਾਜ ਇਕਾਈਆਂ ਸਬੰਧੀ ਕਮੇਟੀ: ਸ੍ਰੀ ਬੁੱਧ ਰਾਮ ਚੇਅਰਮੈਨ ਅਤੇ ਸ. ਕੁਲਜੀਤ ਸਿੰਘ ਰੰਧਾਵਾ, ਏ.ਡੀ.ਸੀ. ਜਸਵਿੰਦਰ ਸਿੰਘ ਰਮਦਾਸ, ਸ. ਲਾਭ ਸਿੰਘ ਉਗੋਕੇ, ਸ੍ਰੀ ਨਰੇਸ਼ ਕਟਾਰੀਆ, ਸ. ਰੁਪਿੰਦਰ ਸਿੰਘ, ਸ੍ਰੀਮਤੀ ਸੰਤੋਸ਼ ਕੁਮਾਰੀ ਕਟਾਰੀਆ, ਸ. ਜਗਦੀਪ ਸਿੰਘ ਕਾਕਾ ਬਰਾੜ, ਸ. ਅਮੋਲਕ ਸਿੰਘ, ਸ. ਅੰਮ੍ਰਿਤਪਾਲ ਸਿੰਘ ਸੁਖਾਨੰਦ, ਸ੍ਰੀਮਤੀ ਰਾਜਿੰਦਰ ਪਾਲ ਕੌਰ, ਸ. ਬਰਿੰਦਰਮੀਤ ਸਿੰਘ ਪਾਹੜਾ ਅਤੇ ਸੁਖਵਿੰਦਰ ਸਿੰਘ ਕੋਟਲੀ ਮੈਂਬਰ ਹਨ।

8. ਖੇਤੀਬਾੜੀ ਅਤੇ ਇਸ ਨਾਲ ਜੁੜੀਆਂ ਗਤੀਵਿਧੀਆਂ ਸਬੰਧੀ ਕਮੇਟੀ: ਸ. ਸਰਵਨ ਸਿੰਘ ਧੁੰਨ, ਚੇਅਰਮੈਨ ਅਤੇ ਪ੍ਰੋ. ਜਸਵੰਤ ਸਿੰਘ ਗੱਜਣਮਾਜਰਾ, ਸ੍ਰੀ ਬਰਿੰਦਰ ਕੁਮਾਰ ਗੋਇਲ ਵਕੀਲ, ਸ. ਜਗਦੀਪ ਸਿੰਘ ਕਾਕਾ ਬਰਾੜ, ਸ. ਹਰਮੀਤ ਸਿੰਘ ਪਠਾਣਮਾਜਰਾ, ਸ. ਫੌਜਾ ਸਿੰਘ, ਸ. ਜਗਤਾਰ ਸਿੰਘ ਦਿਆਲਪੁਰਾ, ਸ. ਗੁਰਦਿੱਤ ਸਿੰਘ ਸੇਖੋਂ, ਸ. ਰਣਬੀਰ ਸਿੰਘ, ਸ. ਜਸਵੀਰ ਸਿੰਘ ਰਾਜਾ ਗਿੱਲ, ਸ੍ਰੀ ਸੰਦੀਪ ਜਾਖੜ, ਸ. ਸੁਖਪਾਲ ਸਿੰਘ ਖਹਿਰਾ ਅਤੇ ਸ. ਮਨਪ੍ਰੀਤ ਸਿੰਘ ਇਆਲੀ ਮੈਂਬਰ ਹਨ ।

9. ਸਹਿਕਾਰਤਾ ਅਤੇ ਇਸ ਨਾਲ ਜੁੜੀਆਂ ਗਤੀਵਿਧੀਆਂ ਸਬੰਧੀ ਕਮੇਟੀ: ਸ. ਗੁਰਪ੍ਰੀਤ ਸਿੰਘ ਬਨਾਂਵਾਲੀ ਚੇਅਰਮੈਨ ਅਤੇ ਸ. ਕੁਲਵੰਤ ਸਿੰਘ ਸਿੱਧੂ, ਸ. ਰੁਪਿੰਦਰ ਸਿੰਘ, ਸ. ਅਮਨਸ਼ੇਰ ਸਿੰਘ (ਸ਼ੈਰੀ ਕਲਸੀ), ਸ. ਜਗਤਾਰ ਸਿੰਘ ਦਿਆਲਪੁਰਾ, ਸ. ਜੀਵਨ ਸਿੰਘ ਸੰਗੋਵਾਲ, ਸ੍ਰੀ ਰਜਨੀਸ਼ ਕੁਮਾਰ ਦਹੀਆ, ਸ੍ਰੀ ਅਮਿਤ ਰਤਨ ਕੋਟਫੱਤਾ, ਸ. ਦਲਜੀਤ ਸਿੰਘ ਗਰੇਵਾਲ (ਭੋਲਾ), ਸ੍ਰੀ ਦਿਨੇਸ਼ ਕੁਮਾਰ ਚੱਢਾ, ਸ੍ਰੀ ਅਵਤਾਰ ਸਿੰਘ ਜੂਨੀਅਰ, ਸ੍ਰੀ ਸੰਦੀਪ ਜਾਖੜ ਅਤੇ ਰਾਣਾ ਇੰਦਰ ਪ੍ਰਤਾਪ ਸਿੰਘ ਮੈਂਬਰ ਹਨ।

10. ਵਿਸ਼ੇਸ਼ ਅਧਿਕਾਰ ਕਮੇਟੀ: ਸ. ਕੁਲਵੰਤ ਸਿੰਘ ਪੰਡੋਰੀ ਚੇਅਰਮੈਨ ਅਤੇ ਸ. ਦਲਜੀਤ ਸਿੰਘ ਗਰੇਵਾਲ (ਭੋਲਾ), ਸ੍ਰੀਮਤੀ ਜੀਵਨਜੋਤ ਕੌਰ, ਸ. ਮਨਿੰਦਰ ਸਿੰਘ ਲਾਲਪੁਰਾ, ਸ. ਤਰੁਨਪ੍ਰੀਤ ਸਿੰਘ ਸੌਂਦ, ਸ. ਕੁਲਜੀਤ ਸਿੰਘ ਰੰਧਾਵਾ, ਸ੍ਰੀ ਬਲਕਾਰ ਸਿੰਘ ਸਿੱਧੂ, ਸ੍ਰੀਮਤੀ ਨਰਿੰਦਰ ਕੌਰ ਭਰਾਜ, ਸ੍ਰੀ ਗੁਰਲਾਲ ਘਨੌਰ, ਸ. ਹਰਦੇਵ ਸਿੰਘ ਲਾਡੀ, ਸ੍ਰੀਮਤੀ ਅਰੁਣਾ ਚੌਧਰੀ ਅਤੇ ਡਾ. ਸੁਖਵਿੰਦਰ ਕੁਮਾਰ ਸੁੱਖੀ ਮੈਂਬਰ ਹਨ ।

11. ਸਰਕਾਰੀ ਆਸ਼ਵਾਸਨ ਕਮੇਟੀ: ਸ. ਦਵਿੰਦਰਜੀਤ ਸਿੰਘ ਲਾਡੀ ਢੋਸ ਚੇਅਰਮੈਨ ਅਤੇ ਸ੍ਰੀ ਰਮਨ ਅਰੋੜਾ, ਡਾ. ਕਸ਼ਮੀਰ ਸਿੰਘ ਸੋਹਲ, ਸ. ਲਖਬੀਰ ਸਿੰਘ ਰਾਏ, ਸ. ਰਣਬੀਰ ਸਿੰਘ, ਸ. ਫੌਜਾ ਸਿੰਘ, ਡਾ. ਅਮਨਦੀਪ ਕੌਰ ਅਰੋੜਾ, ਸ. ਹਾਕਮ ਸਿੰਘ ਠੇਕੇਦਾਰ, ਸ੍ਰੀ ਜਗਦੀਪ ਕੰਬੋਜ ਗੋਲਡੀ, ਸ੍ਰੀਮਤੀ ਨਰਿੰਦਰ ਕੌਰ ਭਾਰਜ, ਸ. ਬਲਵਿੰਦਰ ਸਿੰਘ ਧਾਲੀਵਾਲ, ਸ. ਪਰਗਟ ਸਿੰਘ ਪੇਆਰ ਅਤੇ ਸ੍ਰੀ ਜੰਗੀ ਲਾਲ ਮਹਾਜਨ ਮੈਂਬਰ ਹਨ।

12. ਅਧੀਨ ਵਿਧਾਨ ਕਮੇਟੀ: ਸ. ਅਮਰਪਾਲ ਸਿੰਘ ਚੇਅਰਮੈਨ ਅਤੇ ਮੈਂਬਰ ਸ. ਗੁਰਿੰਦਰ ਸਿੰਘ ਗੈਰੀ ਬੜਿੰਗ, ਸ੍ਰੀ ਦਿਨੇਸ਼ ਕੁਮਾਰ ਚੱਢਾ, ਕੁੰਵਰ ਵਿਜੈ ਪ੍ਰਤਾਪ ਸਿੰਘ, ਸ. ਸੁਖਵੀਰ ਸਿੰਘ ਮਾਇਸਰਖਾਨਾ, ਸ. ਕਰਮਬੀਰ ਸਿੰਘ, ਡਾ. ਮੁਹੰਮਦ-ਜ਼ਮੀਲ-ਉਰ ਰਹਿਮਾਨ, ਸ. ਲਖਬੀਰ ਸਿੰਘ ਰਾਏ, ਏ.ਡੀ.ਸੀ. ਜਸਵਿੰਦਰ ਸਿੰਘ ਰਮਦਾਸ, ਸ. ਨਰਿੰਦਰਪਾਲ ਸਿੰਘ ਸਵਨਾ, ਸ. ਪਰਗਟ ਸਿੰਘ ਪੇਆਰ, ਸ੍ਰੀ ਵਿਕਰਮਜੀਤ ਸਿੰਘ ਚੌਧਰੀ ਅਤੇ ਐਡਵੋਕੇਟ ਜਨਰਲ ਹਨ।

13. ਪਟੀਸ਼ਨ ਕਮੇਟੀ: ਸ. ਮਨਜੀਤ ਸਿੰਘ ਬਿਲਾਸਪੁਰ ਚੇਅਰਮੈਨ ਅਤੇ ਸ੍ਰੀ ਬਲਕਾਰ ਸਿੰਘ ਸਿੱਧੂ, ਸ. ਮਨਜਿੰਦਰ ਸਿੰਘ ਲਾਲਪੁਰਾ, ਸ੍ਰੀਮਤੀ ਇੰਦਰਜੀਤ ਕੌਰ ਮਾਨ, ਸ. ਲਾਭ ਸਿੰਘ ਉਗੋਕੇ, ਡਾ. ਜਸਬੀਰ ਸਿੰਘ ਸੰਧੂ, ਸ. ਅਮੋਲਕ ਸਿੰਘ, ਸ੍ਰੀਮਤੀ ਸੰਤੋਸ਼ ਕੁਮਾਰੀ ਕਟਾਰੀਆ, ਸ੍ਰੀਮਤੀ ਰਜਿੰਦਰ ਪਾਲ ਕੌਰ, ਸ. ਜਗਸੀਰ ਸਿੰਘ, ਸ੍ਰੀਮਤੀ ਅਰੁਣਾ ਚੌਧਰੀ, ਸ੍ਰੀ ਨਰੇਸ਼ ਪੁਰੀ ਅਤੇ ਡਾ. ਨਛੱਤਰ ਪਾਲ ਮੈਂਬਰ ਹਨ।

14. ਪੇਪਰ ਲੇਡ ਅਤੇ ਲਾਇਬ੍ਰੇਰੀ ਕਮੇਟੀ: ਡਾ. ਇੰਦਰਬੀਰ ਸਿੰਘ ਨਿੱਜਰ ਚੇਅਰਮੈਨ ਅਤੇ ਸ੍ਰੀ ਅਮਨਦੀਪ ਸਿੰਘ ਮੁਸਾਫਿਰ, ਪ੍ਰੋ. ਜਸਵੰਤ ਸਿੰਘ ਗੱਜਣਮਾਜਰਾ, ਸ. ਮਨਵਿੰਦਰ ਸਿੰਘ ਗਿਆਸਪੁਰਾ, ਸ. ਹਰਦੀਪ ਸਿੰਘ ਮੁੰਡੀਆਂ, ਡਾ. ਵਿਜੈ ਸਿੰਗਲਾ, ਡਾ. ਅਜੈ ਗੁਪਤਾ, ਸ. ਸੁਖਵੀਰ ਸਿੰਘ ਮਾਇਸਰਖਾਨਾ, ਸ. ਤ੍ਰਿਪਤ ਰਜਿੰਦਰ ਸਿੰਘ ਬਾਜਵਾ ਅਤੇ ਸ੍ਰੀਮਤੀ ਗਨੀਵ ਕੌਰ ਮਜੀਠੀਆ ਮੈਂਬਰ ਹਨ।

15. ਕੁਐਸਚਨਜ਼ ਅਤੇ ਰੈਫ਼ਰੈਂਸਿਜ਼ ਕਮੇਟੀ: ਸ. ਜਗਰੂਪ ਸਿੰਘ ਗਿੱਲ ਚੇਅਰਮੈਨ ਅਤੇ ਕੁੰਵਰ ਵਿਜੈ ਪ੍ਰਤਾਪ ਸਿੰਘ, ਸ੍ਰੀ ਗੁਰਲਾਲ ਘਨੌਰ, ਸ੍ਰੀ ਰਮਨ ਅਰੋੜਾ, ਸ੍ਰੀਮਤੀ ਇੰਦਰਜੀਤ ਕੌਰ ਮਾਨ, ਸ. ਕੁਲਵੰਤ ਸਿੰਘ, ਸ੍ਰੀ ਅਸ਼ੋਕ ਪਰਾਸ਼ਰ (ਪੱਪੀ), ਸ੍ਰੀ ਸੁਖਪਾਲ ਸਿੰਘ ਖਹਿਰਾ ਅਤੇ ਸ੍ਰੀ ਅਸ਼ਵਨੀ ਕੁਮਾਰ ਸ਼ਰਮਾ ਮੈਂਬਰ ਹਨ।







## ਲੜਕੀ ਦੀ ਲੋੜ

Well settled Ramgarhia Family living in Winnipeg from 16 years looking for a suitable match for their son 33-year-old,5-10 Tall, clean shaved, Active in Real Estate Business and financing Business Manitoba and Ontario.
Contact number-204-510-7658 and 519-917-5055.

7Feb

Sikh Tonk kashtriya Boy Feb/1993 Born, height 5.11", B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ 'ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ। ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com







## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ।
ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11'', B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈੱਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉੱਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013




**Allseas Fisheries Inc. is Hiring!**
**DZ licensed delivery drivers needed.**
Pay is $24/hour. Full time, permanent
Should work any day of the week, including weekends.
If interested, please forward resume to **rgidda@allseas.net**

## ਲੜਕੇ ਦੀ ਲੋੜ

ਜੱਟ ਸਿੱਖ ਸਿੱਧੂ ਪਰਿਵਾਰ ਦੀ ਲੜਕੀ, 28 ਸਾਲ, 5'6", ਕੇਨੈਡਾ ਵਿੱਚ ਵਿਜਟਰ ਵੀਜ਼ੇ 'ਤੇ ਰਹਿ ਰਹੀ ਲੜਕੀ ਲਈ ਕੈਨੇਡੀਅਨ ਸਿਟੀਜਨ/ਪੀ.ਆਰ. ਜੱਟ ਸਿੱਖ ਲੜਕੇ ਦੀ ਜ਼ਰੂਰਤ। ਸੰਪਰਕ: 647-203-7573

ਕੈਨੇਡਾ (ਬਰੈਪਟਨ) ਪੀ ਆਰ ਦਰਜੀ ਸਿੰਘ (ਛੀਂਬਾ) ਤਲਾਕਸ਼ੁਦਾ ਲੜਕੀ B.Sc.Nursing, 33 ਸਾਲ 5' 2" ਲਈ ਪਗੜੀਧਾਰੀ ਲੜਕੇ ਦੀ ਲੋੜ। +919417939114

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com




## ਲੜਕੇ ਦੀ ਲੋੜ

ਗਿੱਲ ਜੱਟ ਸਿੱਖ, 1992, ਇਕਲੌਤੀ, B.Tech. ਲੜਕੀ ਲਈ ਗੁਰਸਿੱਖ ਕੈਨੇਡੀਅਨ ਸੈਟਲਡ ਪਰਿਵਾਰ ਦੇ ਲੜਕੇ ਦੀ ਲੋੜ। ਸੰਪਰਕ: 9464034653, 2364582228

ਜੱਟ ਸਿੱਖ ਲੜਕੀ, ਉਮਰ 27 ਸਾਲ, ਕੱਦ 5 ਫੁੱਟ 4", ਬੀ.ਏ ਪਾਸ, ਹੇਅਰ ਐਂਡ ਸਕਿੱਨ ਕੇਅਰ ਡਿਪਲੋਮਾ (ਆਈ. ਟੀ.ਆਈ) ਕੰਪਿਊਟਰ ਡਿਪਲੋਮਾ ਇੱਕ ਸਾਲ ਕੀਤਾ ਹੋਇਆ, ਵਿਜ਼ਟਰ ਵੀਜ਼ੇ 'ਤੇ ਕੇਨੈਡਾ ਆਈ ਹੋਈ, ਲਈ ਕੈਨੇਡੀਅਨ ਜੱਟ ਸਿੱਖ ਪੀ.ਆਰ ਲੜਕੇ ਦੀ ਲੋੜ। ਸੰਪਰਕ: 1-905-451-1716, +919876533403

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿਖ 1996/5'-3", ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ: 9478403300

ਜੱਟ ਸਿਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11'' ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664



# "ਆ ਗਿਆ 'ਪੰਨੂੰ ਵੈਦ' ਕੰਪਿਊਟਰ-ਰੋਗੀਆਂ ਦਾ...."



ਡਾ. ਸੁਖਦੇਵ ਸਿੰਘ ਝੰਡ
ਫ਼ੋਨ : 647-567-9128

ਨਿੱਕੇ ਹੁੰਦਿਆਂ ਸਕੂਲ ਵਿਚ ਪੜ੍ਹਦਿਆਂ ਪਿੰਡ ਵਿਚ ਗੁਰੂ ਨਾਨਕ ਦੇਵ ਜੀ ਦੇ ਗੁਰਪੁਰਬ 'ਤੇ ਬੀਬੀਆਂ ਵੱਲੋਂ ਢੋਲਕੀ ਦੀ ਸਿੱਧ-ਪੱਧਰੀ ਜਿਹੀ ਤਾਲ 'ਤੇ ਗਾਏ ਜਾਣ ਵਾਲੇ ਧਾਰਨਾ ਵਾਲੇ ਕਈ 'ਸ਼ਬਦ' ਸੁਣਦੇ ਹੁੰਦੇ ਸੀ। ਉਨ੍ਹਾਂ ਵਿਚ ਇਕ 'ਸ਼ਬਦ' ਵਿਸ਼ੇਸ਼ ਤੌਰ 'ਤੇ ਸ਼ਾਮਲ ਹੁੰਦਾ ਸੀ ਜਿਸ ਨੂੰ ਉਹ ਪੂਰੀ ਹੇਕ ਲਾ ਕੇ ਗਾਉਂਦੀਆਂ ਸਨ :

"ਆ ਗਿਆ ਜੀ ਬਾਬਾ ਵੈਦ ਰੋਗੀਆਂ ਦਾ ...।"

ਉਨ੍ਹਾਂ ਵੱਲੋਂ ਗਾਏ ਜਾਣ ਇਸ ਸ਼ਬਦ ਵਿਚਲਾ 'ਵੈਦ' ਬਾਬਾ ਨਾਨਕ ਹੀ ਹੁੰਦਾ ਸੀ ਜਿਸ ਦਾ ਉਸ ਦਿਨ ਗੁਰਪੁਰਬ ਮਨਾਇਆ ਜਾ ਰਿਹਾ ਹੁੰਦਾ ਸੀ। ਉਨ੍ਹਾਂ ਵੱਲੋਂ ਗਾਏ ਗਏ ਇਸ ਸ਼ਬਦ ਅਨੁਸਾਰ ਬਾਬਾ ਨਾਨਕ ਹਰੇਕ ਤਰ੍ਹਾਂ ਦੇ ਰੋਗਾਂ ਨੂੰ ਦੂਰ ਕਰਨ ਵਾਲਾ 'ਵੈਦ' ਸੀ ਪਰ ਉਦੋਂ ਮੇਰੇ ਵਰਗਿਆਂ ਦੇ ਬਾਲ-ਮਨਾਂ ਨੂੰ ਇਹ ਗੱਲ ਸਮਝ ਨਾ ਪੈਂਦੀ। ਮੇਰੀ ਸੀਮਤ ਜਿਹੀ ਸੋਚ ਅਨੁਸਾਰ ਤਾਂ ਗੁਰੂ ਨਾਨਕ ਦੇਵ ਜੀ 'ਗੁਰੂ' ਹੀ ਹਨ। ਉਹ 'ਵੈਦ' ਕਿਵੇਂ ਬਣ ਗਏ? ਵੈਦ ਤਾਂ ਡਾਕਟਰਾਂ ਵਾਂਗ ਬੀਮਾਰੀਆਂ ਦਾ ਇਲਾਜ ਕਰਦੇ ਹਨ। ਫਿਰ ਜਦ ਥੋੜ੍ਹਾ ਵੱਡਾ ਹੋਇਆ ਤਾਂ ਸਮਝ ਪਈ ਕਿ ਬੀਮਾਰੀਆਂ ਕੇਵਲ ਸਰੀਰਕ ਹੀ ਨਹੀਂ ਹੁੰਦੀਆਂ, ਇਹ ਮਾਨਸਿਕ ਵੀ ਹੁੰਦੀਆਂ ਹਨ ਤੇ ਇਨ੍ਹਾਂ ਮਾਨਸਿਕ-ਬੀਮਾਰੀਆਂ ਦੇ ਇਲਾਜ ਵਾਲੇ 'ਵੈਦ' ਹੋਰ ਹੁੰਦੇ ਹਨ। ਗੁਰੂ ਨਾਨਕ ਦੇਵ ਜੀ ਮਾਨਸਿਕਰੋਗੀਆਂ ਦੇ ਵੈਦ ਹਨ। ਉਹਉਸ ਮਾਲਕ 'ਪ੍ਰਮਾਤਮਾ' ਤੋਂ ਦੂਰ ਹੋ ਗਏ ਲੋਕਾਂ ਦਾ ਇਲਾਜ ਕਰਨ ਵਾਲੇ ਵੈਦ ਹਨ।

... ਤੇ ਏਧਰ ਸਾਡੇ ਕਿਰਪਾਲ ਸਿੰਘ ਪੰਨੂੰ ਹਨ ਜੋ ਕੰਪਿਊਟਰ ਦੇ ਮਾਹਿਰ ਹਨ। ਕੰਪਿਊਟਰ ਦੇ ਨਾਲ ਜੁੜੀ ਹਰੇਕ 'ਬੀਮਾਰੀ' ਦਾ ਇਲਾਜ ਉਨ੍ਹਾਂ ਦੇ ਕੋਲ ਹੈ। ਵੀਹਵੀਂ ਸਦੀ ਦੀ ਇਸ 'ਮਹਾਨ ਕਾਢ'ਕੰਪਿਊਟਰ ਨੂੰ ਵੀ ਕਈ 'ਬੀਮਾਰੀਆਂ' ਚੰਬੜੀਆਂ ਹੋਈਆਂ ਹਨ। ਇਸ ਨੂੰ 'ਵਰਤਣ ਵਾਲੇ'( ਯੂਜ਼ਰ) ਵੀ ਇਸ ਦੀਆਂ ਕਈ 'ਬੀਮਾਰੀਆਂ' ਦੇ 'ਮਰੀਜ਼' ਹਨ। ਚਾਹੇ ਇਹ ਉਨ੍ਹਾਂ ਨੂੰ ਪੰਜਾਬੀ ਦੇ ਸੈਂਕੜੇ ਫੌਂਟਾਂ ਵਿੱਚੋਂ ਕਿਸੇ ਵੀ ਫੌਂਟ ਵਿਚ ਟਾਈਪ ਕਰਦਿਆਂ ਆਈ ਹੋਈ ਮੁਸ਼ਕਲ ਹੋਵੇ, ਚਾਹੇ ਕੋਈ ਹੋਰਦਿੱਕਤ ਟਾਈਪ ਕੀਤੇ ਹੋਏ 'ਮੈਟਰ' ਨੂੰ ਇਕ ਫੌਂਟ ਤੋਂ ਦੂਸਰੇ ਵਿਚ ਬਦਲਣ ਦੀ ਹੋਵੇ ਤੇ ਚਾਹੇ ਕਿਸੇ 'ਮੈਟਰ' ਨੂੰ ਗੁਰਮੁਖੀ ਲਿਪੀ ਤੋਂ ਸ਼ਾਹਮੁਖੀ ਜਾਂ ਸ਼ਾਹਮੁਖੀ ਲਿਪੀ ਤੋਂ ਗੁਰਮੁਖੀ ਲਿਪੀ ਵਿਚ ਕਰਨ ਦੀ ਹੋਵੇ। ਇਸ ਦੇ ਨਾਲ ਹੀ ਜੇਕਰ ਤੁਹਾਡਾ ਕੰਪਿਊਟਰ ਚੰਗਾ ਭਲਾ ਚੱਲਦਾ-ਚੱਲਦਾ 'ਖੋਤੇ ਵਾਲੀ ਅੜੀ' ਕਰ ਬੈਠਾ ਹੈ ਤਾਂ ਇਸ ਦਾ ਇਲਾਜ ਵੀ ਪੰਨੂੰ ਸਾਹਿਬ ਕੋਲ ਹੈ। ਉਹ ਉਸ ਨੂੰ ਵੀ 'ਹੱਲਾਸ਼ੇਰੀ'ਦੇ ਕੇ ਤੋਰਨ ਲਾ ਦਿੰਦੇ ਹਨ। ਕੰਪਿਊਟਰਾਂ ਅੰਦਰ ਕਈ ਵਾਰ ਕੋਈ ਏਧਰੋਂ-ਓਧਰੋਂ ਆਈਆਂ'ਬਲ਼ਾਵਾਂ' (ਵਾਇਰਸਾਂ) ਵੀ ਆ ਵੜਦੀਆਂ ਹਨ ਜੋ ਇਸ ਦੇ ਪ੍ਰੋਗਰਾਮਾਂ ਦਾ ਸੱਤਿਆਨਾਸ ਕਰ ਦਿੰਦੀਆਂ ਹਨ ਤੇ ਕੰਪਿਊਟਰ ਨੂੰ ਲੱਗਭੱਗ 'ਨਕਾਰਾ' ਹੀ ਕਰ ਦਿੰਦੀਆਂ ਹਨ। ਪੰਨੂੰ ਸਾਹਿਬ ਕੋਲ ਇਹ'ਬੀਮਾਰੀ' ਦੂਰ ਕਰਨ ਦਾ ਨੁਸਖ਼ਾ ਵੀ ਹੈ। ਉਹ ਇਨ੍ਹਾਂ 'ਬਲਾਵਾਂ' ਨੂੰ ਦੂਰ ਭਜਾ ਕੇ ਕੰਪਿਊਟਰ ਨੂੰ ਮੁੜ 'ਨੌਂ-ਬਰ-ਨੌਂ' ਕਰ ਦਿੰਦੇ ਹਨ।

ਆਯੁਰਵੇਦ-ਪ੍ਰਣਾਲੀ ਵਿਚ 'ਧਨੰਤਰ ਵੈਦ' ਦਾ ਸਥਾਨ ਸੱਭ ਤੋਂ ਸਿਖ਼ਰ 'ਤੇਹੈ। ਕਿਹਾ ਜਾਂਦਾ ਹੈ ਕਿ ਉਸ ਦੇ ਕੋਲ ਹਰੇਕ ਸਰੀਰਕ ਬੀਮਾਰੀ ਦਾ ਇਲਾਜ ਮੌਜੂਦ ਸੀ। ਜੰਗਲੀ ਬੂਟੀਆਂ ਤੋਂ ਤਿਆਰ ਕੀਤੀਆਂ ਦਵਾਈਆਂ ਨਾਲ ਉਸ ਨੇ ਮਨੁੱਖੀ ਸਰੀਰ ਦੀ ਹਰੇਕ ਬੀਮਾਰੀ ਦਾ ਇਲਾਜ ਲੱਭ ਲਿਆ ਸੀ। ਉਸ ਦੇ ਨਾਲ ਜੁੜੀ ਹੋਈ 'ਮਿਥਿਹਾਸਕ ਸਾਖੀ' ਵਿਚ ਤਾਂ ਹੋਰ ਵੀ ਬੜਾ ਕੁਝ ਕਿਹਾ ਗਿਆ ਹੈ ਜੋ ਆਮ ਇਨਸਾਨ ਦੇ ਮੰਨਣ ਵਿਚ ਨਹੀਂ ਆਉਂਦਾ, ਜਿਵੇਂ ਕਿ 'ਕਸ਼ਿਅਪ' ਰੂਪੀ 'ਸੱਪ'ਨੇ ਡੰਗ ਮਾਰ ਕੇ ਬੋਹੜ ਦੇ ਇਕ ਦ੍ਰਖ਼ਤ ਨੂੰ ਬਿਲਕੁਲ ਸੁਕਾ ਦਿੱਤਾ ਸੀ ਅਤੇ ਧਨੰਤਰ ਵੈਦ ਨੇ ਉਸ ਰੁੱਖ ਦੇ ਸਾਹ-ਮਣੇ ਖਲੋ ਕੇ ਕੁਝ 'ਮੰਤਰ'ਉਚਾਰਨ ਤੋਂ ਬਾਅਦ ਉਸ ਦੇ ਉੱਪਰ 'ਜਲ' ਦਾ ਤਰੌਂਕਾ ਦੇ ਕੇ ਉਸ ਨੂੰ ਮੁੜ ਹਰਿਆ-ਭਰਿਆ ਕਰ ਦਿੱਤਾ ਸੀ। ਅਜਿਹੀਆਂ 'ਕਥਾਵਾਂ' ਤਾਂਮੰਨਣ ਯੋਗ ਨਹੀਂ ਹਨ ਪਰ 'ਧਨੰਤਰ' ਦੇ ਨਾਂ 'ਤੇ ਚੱਲੀ ਆਯੁਰਵੇਦ-ਪ੍ਰਣਾਲੀ ਵਿਚ ਮੇਰੇ ਸਮੇਤ ਬਹੁਤ ਸਾਰੇ ਲੋਕਾਂ ਦਾ ਦ੍ਰਿੜ ਵਿਸ਼ਵਾਸ ਹੈ।

ਧਨੰਤਰ ਵੈਦ ਸਰੀਰਕ ਬੀਮਾਰੀਆਂ ਦਾ ਇਲਾਜ ਕਰਦਾ ਸੀ ਅਤੇ 'ਸਾਡੇ ਵੈਦ' ਪੰਨੂੰ ਸਾਹਿਬ ਕੰਪਿਊਟਰ ਨਾਲ ਸਬੰਧਿਤ ਬੀਮਾਰੀਆਂ ਦਾ ਇਲਾਜ ਕਰਦੇ ਹਨ। ਏਸੇ ਲਈ ਉਨ੍ਹਾਂ ਨੂੰ "ਕੰਪਿਊਟਰ ਦਾ ਧਨੰਤਰ" ਕਿਹਾ ਜਾਂਦਾ ਹੈ। ਇਹ 'ਲਕਬ' ਉਨ੍ਹਾਂ ਦੇ ਨਾਂ ਦੇ ਨਾਲ ਪ੍ਰਿੰਸੀਪਲ ਸਰਵਣ ਸਿੰਘ ਦੀ ਸੰਪਾਦਨਾ ਹੇਠ 2011 ਵਿਚ ਛਪੀ ਪੁਸਤਕ "ਕੰਪਿਊਟਰ ਦਾ ਧਨੰਤਰ : ਕਿਰਪਾਲ ਸਿੰਘ ਪੰਨੂੰ" ਦੇ ਆਉਣ ਨਾਲ ਜੁੜਿਆ। 2011 ਵਿਚ ਜਦੋਂ ਪੰਨੂੰ ਸਾਹਿਬ ਨੇ ਆਪਣੇ ਜੀਵਨ ਪੰਧ ਦੀ 'ਪੌਣੀ ਸਦੀ' ਪਾਰ ਕੀਤੀ ਤਾਂ ਇਹ ਪੁਸਤਕ ਉਨ੍ਹਾਂ ਨੂੰ "ਅਭਿਨੰਦਨ ਗ੍ਰੰਥ" ਦੇ ਰੂਪ ਵਿਚਭੇਂਟ ਕੀਤੀ ਗਈ। ਇਸ ਪੁਸਤਕ ਵਿਚ ਪ੍ਰਿੰਸੀਪਲ ਸਰਵਣ ਸਿੰਘ ਹੋਰਾਂ ਵੱਲੋਂਪੰਨੂੰ ਸਾਹਿਬ ਦੀ ਸ਼ਖ਼ਸੀਅਤ ਦੇ ਵੱਖ-ਵੱਖ ਪਹਿਲੂਆਂ ਬਾਰੇ 47 ਵੱਖ-ਵੱਖ ਲੇਖਕਾਂ ਦੇ ਆਰਟੀਕਲ ਸ਼ਾਮਲ ਕੀਤੇ ਗਏ ਜਿਨ੍ਹਾਂ ਦੀ ਲੰਬਾਈਨਵਤੇਜ ਭਾਰਤੀ ਦੇ ਇੱਕ ਪੰਨੇਦੇ ਸੰਖੇਪ ਆਰਟੀਕਲ ਤੋਂ ਲੈ ਕੇਡਾ. ਵਰਿਆਮ ਸਿੰਘ ਸੰਧੂ ਦੇ17 ਪੰਨਿਆਂਦੇਲੰਮੇ ਲੇਖ ਤੱਕ ਹੈ। ਕਿਸੇ ਨੇ ਉਨ੍ਹਾਂ ਨੂੰ "ਕੰਪਿਊਟਰ ਦਾ ਧਨੰਤਰ ਵੈਦ" ਤੇ ਕਿਸੇ ਨੇ "ਕੰਪਿਊਟਰ ਦਾ ਧੰਨਾ ਜੱਟ" ਆਖਿਆ ਹੈ। ਕਿਸੇ ਨੇ "ਕੰਪਿਊਟਰ ਦਾ ਭਾਈ ਘਨੱਈਆ" ਤੇ ਕਿਸੇ ਨੇ "ਕੰਪਿਊਟਰ ਦੀਆਂ ਘੁੰਡੀਆਂ ਮੇਲਣ ਵਾਲਾ"ਕਿਹਾ ਹੈ। ਕਈ ਹੋਰਨਾਂ ਨੇ ਉਨ੍ਹਾਂ ਨੂੰ"ਦਰਿਆ ਦਿਲ ਪੰਨੂੰ", "ਯਾਰ ਅਣਮੁੱਲਾ, ਹਵਾ ਦਾ ਬੁੱਲਾ", "ਪੰਜਾਬੀਅਤ ਦਾ ਚਾਨਣ-ਮੁਨਾਰਾ", "ਕੰਪਿਊਟਰੀ-ਮੰਡਲਾਂ ਦਾ ਖੋਜਕਾਰ" ਤੇ 'ਕੰਪਿਊਟਰ ਪਾਇਲਟ" ਵੀ ਕਿਹਾ ਹੈ। ਕਿਸੇ ਲਈ ਉਹ "ਸੁਹਿਰਦ ਇਨਸਾਨ" ਹੈ ਤੇ ਕਿਸੇ ਲਈ ਪੰਜਾਬ ਪੋਲੀਸ ਤੇ ਬੀ.ਐੱਸ.ਐੱਫ਼. ਵਿਚ 35 ਸਾਲ ਕੀਤੀ ਗਈਨੌਕਰੀ ਤੋਂ ਬਾਅਦ ਹੋਈ 'ਸੇਵਾ-ਮੁਕਤੀ' ਸਮੇਂਆਪਣਾ ਦਿਮਾਗ਼ ਆਪਣੇ ਨਾਲ ਸਹੀ ਸਲਾਮਤ 'ਚੋਰੀ' ਵਾਪਸ ਆਪਣੇ ਨਾਲ ਲਿਆਉਣ ਵਾਲਾ"ਪੰਨੂੰ ਚੋਰ" ਹੈ, ਕਿਉਂਕਿ ਇਹ ਵੀ ਤਾਂ ਕਿਹਾ ਜਾਂਦਾ ਹੈ ਕਿ ਫ਼ੌਜੀਆਂ ਨੂੰ ਸੇਵਾ-ਮੁਕਤੀ ਸਮੇਂ ਪੈਨਸ਼ਨ 'ਤੇ ਭੇਜਣ ਲੱਗਿਆਂ ਉਨ੍ਹਾਂ ਦਾ ਦਿਮਾਗ਼ ਉੱਥੇ ਹੀ ਰੱਖ ਲਿਆ ਜਾਂਦਾ ਹੈ।

ਪੰਨੂੰ ਸਾਹਿਬ ਦੀਸ਼ਖ਼ਸੀਅਤ ਦਾ ਇੱਕ ਅਹਿਮ ਪੱਖ ਹੋਰ ਵੀ ਹੈ ਤੇ ਉਹ ਹੈ, ਇੱਥੇ 'ਸੀਨੀਅਰਜ਼' ਕਹੇ ਜਾਂਦੇ ਬਜ਼ੁਰਗਾਂ ਨੂੰ ਕੰਪਿਊਟਰ ਦੇ 'ਲੜ ਲਾਉਣ' ਦਾ। ਪੰਨੂ ਸਾਹਿਬ ਨੇ ਸੈਂਕੜੇ ਸੀਨੀਅਰਜ਼ ਨੂੰ ਪ੍ਰੇਰਨਾ ਦੇ ਕੇ ਕੰਪਿਊਟਰ ਸਿੱਖਣ ਲਈ ਰਾਜ਼ੀ ਕੀਤਾ ਅਤੇ ਫਿਰ ਉਨ੍ਹਾਂ ਨੂੰ ਕੰਪਿਊਟਰ ਦੀ ਸਿਖਲਾਈ ਦੇਣ ਲਈ ਕੰਪਿਊਟਰ ਦੀ ਖ਼੍ਰੀਦੋ-ਫ਼ਰੋਖ਼ਤ ਤੇ ਮੁਰੰਮਤ ਕਰਨ ਵਾਲੀਆਂ ਕਈ ਫ਼ਰਮਾਂ ਦੇ ਸਹਿਯੋਗ ਨਾਲ ਗਰਮੀਆਂ ਦੇ ਹਰੇਕ ਸੀਜ਼ਨ ਵਿਚ ਦੋ-ਦੋ, ਤਿੰਨ-ਤਿੰਨ ਕੈਂਪ ਲਾਏ। ਇਨ੍ਹਾਂ ਕੈਂਪਾਂ ਵਿਚ ਉਨ੍ਹਾਂ ਬਜ਼ੁਰਗਾਂ ਦੀਆਂ ਸਖ਼ਤ ਉਂਗਲਾਂ ਨੂੰ 'ਕੀ-ਬੋਰਡ' ਉੱਪਰ ਹੌਲ਼ੀ-ਹੌਲ਼ੀ ਫੇਰਨ ਦੀ ਜਾਚ ਦੱਸੀ। ਉਨ੍ਹਾਂ ਨੂੰ 'ਮਾਊਸ' ਦੀ ਵਰਤੋਂ ਕਰਨੀ ਸਿਖਾਈ। ਚਾਰ-ਪੰਜ ਹਫ਼ਤਿਆਂ ਦੇ ਇਸ ਕੋਰਸ ਨਾਲ ਉਹ ਮਾੜੀ ਮੋਟੀ ਟਾਈਪ ਕਰਨਤੇ 'ਈ-ਮੇਲ'ਕਰਨ ਅਤੇ ਆਈਆਂ ਹੋਈਆਂ 'ਈ-ਮੇਲਾਂ' ਵੇਖਣਤੇ ਉਨ੍ਹਾਂ ਦੇ ਜੁਆਬ ਦੇਣ ਦੇ ਯੋਗ ਤਾਂ ਹੋ ਹੀ ਜਾਂਦੇ ਸਨ। ਇਸ ਤੋਂ ਵਧੇਰੇ ਸਿੱਖਣ ਵਾਲੇ ਪੰਨੂੰ ਸਾਹਿਬ ਦੇ ਅਗਲੇਰੇ 'ਹਾਇਰ ਕੋਰਸ' ਲਈ ਵੀ ਆਪਣੇ ਨਾਂ ਲਿਖਵਾ ਦਿੰਦੇ ਸਨ। ਅਖ਼ਬਾਰ ਵਿਚ ਕੰਮ ਕਰਦਿਆਂ ਅਜਿਹੇ ਇਕ ਕੈਂਪ ਦੀ ਚੱਲ ਰਹੀ ਕਾਰਵਾਈ 'ਲਾਈਵ'ਵੇਖਣ ਦਾ ਵੀ ਮੌਕਾ ਮਿਲਿਆ। ਪੰਨੂੰ ਸਾਹਿਬ ਨੇ ਸਿਖਿਆਰਥੀਆਂ ਨੂੰ ਪਹਿਲਾਂ ਦਸ ਕੁ ਮਿੰਟ ਉਸ ਦਿਨ ਦੇ ਸਬਕ ਬਾਰੇ ਸੰਖੇਪ ਲੈਕਚਰ ਦਿੱਤਾ ਅਤੇ ਫਿਰ ਉਨ੍ਹਾਂ ਨੂੰ ਆਪਣੇ ਲੈਪਟੌਪਾਂ 'ਤੇ ਉਸ 'ਸਬਕ'ਨੂੰ'ਹੱਥੀਂ ਕਰਨ' ਲਈ ਆਖਿਆ ਜੋ ਉਹ ਬੜੇ ਆਰਾਮ ਨਾਲ ਕਰ ਰਹੇ ਸਨ।

ਇਸ ਕੈਂਪ ਦੇ ਉਸ ਦਿਨ ਦੀ ਪੂਰੀ ਕਾਰਵਾਈ ਵਿਸਤ੍ਰਿਤਖ਼ਬਰ ਦੇ ਰੂਪ ਵਿਚਆਪਣੇ ਅਖ਼ਬਾਰ 'ਸਿੱਖ ਸਪੋਕਸਮੈਨ' ਨੂੰਭੇਜਣ ਦੇ ਨਾਲ਼ ਨਾਲ਼ ਹੋਰ ਵੀ ਤਿੰਨ-ਚਾਰ ਅਖ਼ਬਾਰਾਂ ਨੂੰ ਵੀ ਤਸਵੀਰਾਂ ਸਮੇਤ ਭੇਜ ਦਿੱਤੀ ਜਿਸ ਨੂੰ ਅਖ਼ਬਾਰਾਂ ਨੇ ਵੀ ਬੜੇ ਉਤਸ਼ਾਹ ਨਾਲ ਛਾਪਿਆ। ਪੰਨੂੰ ਸਾਹਿਬ ਦੇ 'ਮੁੱਢਲੇ ਕੰਪਿਊਟਰ ਸ਼ਗਿਰਦਾਂ' ਵਿੱਚ ਉੱਘੇ ਖੇਡ-ਲੇਖਕ ਪ੍ਰਿੰਸੀਪਲ ਸਰਵਣ ਸਿੰਘ,ਉੱਘੇ ਸਿੱਖਿਆ-ਸ਼ਾਸਤਰੀਪ੍ਰਿੰਸੀਪਲ ਬਲਕਾਰ ਸਿੰਘ ਬਾਜਵਾ, ਉੱਘੇ ਪੰਜਾਬੀ ਲੇਖਕ ਪੂਰਨ ਸਿੰਘ ਪਾਂਧੀ ਤੇ ਬਰੈਂਪਟਨ ਦੀਆਂ ਕਈ ਹੋਰ ਅਹਿਮ ਵਿਅਕਤੀ ਸ਼ਾਮਲ ਸਨਜੋ ਪੰਜਾਬ ਵਿਚ ਚੰਗੀਆਂ ਨੌਕਰੀਆਂ ਤੋਂ ਸੇਵਾ-ਮੁਕਤ ਹੋ ਕੇ ਇੱਥੇ ਆਏ ਸਨ ਪਰ ਉੱਥੇ ਕੰਪਿਊਟਰ ਨਾਲ ਵਾ-ਬਸਤਾ ਨਾ ਹੋਣ ਕਾਰਨ ਉਹ ਇਸ ਤੋਂ ਬਿਲਕੁਲ 'ਅਣਭਿੱਜ' ਸਨ। ਉਨ੍ਹਾਂ ਵਿੱਚੋਂ ਬਹੁਤੇ ਤਾਂ ਇਸ ਨੂੰ ਸਿੱਖਣ ਤੋਂ ਇਸ ਗੱਲੋਂ ਵੀ ਡਰਦੇ ਸਨ ਕਿ ਇਸ ਉਮਰ ਵਿਚਇਹ ਸਿੱਖਣਾ ਉਨ੍ਹਾਂ ਲਈ ਅਤੀ ਮੁਸ਼ਕਲ ਹੋਵੇਗਾ, ਪਰ ਪੰਨੂੰ ਸਾਹਿਬ ਨੇ ਉਨ੍ਹਾਂ ਦਾ ਡਰ ਇਹ ਕਹਿਕੇ ਦੂਰ ਕਰ ਦਿੱਤਾ, "ਮੈਂ ਵੀ ਤਾਂ ਇਹ ਸੇਵਾ-ਮੁਕਤੀ ਤੋਂ ਬਾਅਦ ਹੀ ਇੱਥੇ ਆਣ ਕੇ ਹੀ ਸਿੱਖਿਆ ਏ।"ਇਸ ਤਰ੍ਹਾਂ ਬਰੈਂਪਟਨ ਵਿਚ ਬਜ਼ੁਰਗਾਂ ਨੂੰ ਕੰਪਿਊਟਰ ਦੀ ਸਿਖਲਾਈ ਦੇਣਾ ਪੰਨੂੰ ਸਾਹਿਬ ਲਈ 'ਬੁੱਢੇ ਤੋਤੇ ਪੜ੍ਹਾਉਣ' ਵਾਲੀ ਗੱਲ ਸੀ ਜਿਸ ਵਿਚ ਉਹ ਪੂਰੇ ਕਾਮਯਾਬ ਹੋਏ।

ਪੰਨੂੰ ਸਾਹਿਬ ਬਾਰੇ ਹਰੇਕ ਦਾ ਆਪੋ-ਆਪਣਾ ਨਜ਼ਰੀਆ ਹੈ ਪਰ ਮੇਰੀ ਨਜ਼ਰ ਵਿਚ ਕਿਰਪਾਲ ਸਿੰਘ ਪੰਨੂੰ ਕੰਪਿਊਟਰ ਦੀ 'ਨਾੜ-ਨਾੜ' ਦੇ ਵਾਕਿਫ਼ ਹਨ ਅਤੇ ਉਹਉਸ ਦੀ 'ਨਬਜ਼' ਟੋਹ ਕੇ ਹੀ ਬੀਮਾਰੀ ਲੱਭਣ ਤੇ ਉਸ ਨੂੰ ਠੀਕ ਕਰਨ ਵਾਲੇ 'ਵੈਦ' ਹਨ। ਉਨ੍ਹਾਂ ਦੀ ਇਸ ਤਕਨੀਕੀ ਵਿਦਵਤਾ ਦਾ ਕਾਇਲ ਮੈਂ ਕਈ ਵਾਰਫ਼ਾਇਦਾ ਉਠਾ ਚੁੱਕਾ ਹਾਂ। ਇੱਥੇ ਮੈਂ ਇਹ ਦੱਸਣਾ ਚਾਹਾਂਗਾ ਕਿ ਗੁਰਬਾਣੀ ਦੀ ਕਿਸੇ 'ਤੁਕ' ਜਾਂ 'ਸ਼ਬਦ' ਬਾਰੇ ਜਦੋਂ ਮੈਨੂੰ ਕੋਈ ਮੁਸ਼ਕਲ ਪੇਸ਼ ਆਏ ਤਾਂ ਮੈਂ ਗੁਰਬਾਣੀ ਦੇ ਗਿਆਤਾ ਤੇ ਖੋਜੀ ਵਿਦਵਾਨ ਪੂਰਨ ਸਿੰਘ ਪਾਂਧੀ ਹੋਰਾਂ ਨੂੰ ਫ਼ੋਨ ਕਰਕੇ ਉਸ ਦਾ ਹੱਲ ਪੁੱਛਦਾ ਹਾਂ ਅਤੇ ਜਦੋਂ ਮੇਰੇ ਲੈਪਟੌਪ ਦੀ ਕੋਈ 'ਕੁੰਜੀ' ਢਿੱਲੀ ਹੋ ਜਾਏ ਤਾਂ ਝੱਟਪੱਟ ਪੰਨੂੰ ਸਾਹਿਬ ਦੇ ਫ਼ੋਨ ਦੀ ਘੰਟੀ ਖੜਕਾਉਂਦਾ ਹਾਂ। ਬਹੁਤੀ ਵਾਰ ਤਾਂ ਮੇਰਾ ਮਸਲਾ ਫ਼ੋਨ 'ਤੇ ਹੀ ਹੱਲ ਹੋ ਜਾਂਦਾ ਹੈ, ਕਿਉਂਕਿ ਪੰਨੂੰ ਸਾਹਿਬ ਮੇਰਾ ਲੈਪਟੌਪ ਇੰਟਰਨੈੱਟ ਰਾਹੀਂ ਆਪਣੇ ਕੰਪਿਊਟਰ ਨਾਲ ਜੋੜ ਲੈਂਦੇ ਹਨ ਅਤੇ ਕਹਿੰਦੇ ਹਨ, "ਝੰਡ, ਤੂੰ ਹੁਣ ਏਥੇ ਜਾਹ। ਏਥੇ ਤੈਨੂੰ ਆਹ 'ਡੱਬੀ ਜਿਹੀ' ਦਿਸੇਗੀ ਤੇ ਇਸ ਵਿੱਚੋਂ ਇਸ ਲਾਈਨ ਨੂੰ 'ਕਾਪੀ' ਕਰਕੇ ਫਲਾਣੀ ਥਾਂ 'ਤੇ 'ਪੇਸਟ' ਕਰ ਦੇ। ਤੇਰਾ ਮਸਲਾ ਆਪਣੇ ਆਪ ਹੱਲ ਹੋ ਜਾਏਗਾ।" ... ਤੇ ਇਹ 'ਹੱਲ' ਵੀ ਹੋਜਾਂਦਾ ਹੈ। ਪਰ ਕਦੇ ਕਦੇ ਕੋਈ ਮਸਲਾ 'ਵੱਡਾ' ਹੋਣ ਕਰਕੇ'ਰੋਗੀ' ਨੂੰ ਨਿੱਜੀ ਤੌਰ 'ਤੇ ਵੀ 'ਵੈਦ' ਕੋਲ ਜਾਣਾ ਪੈਂਦਾ ਹੈ।

ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਦੀ 'ਭਾਈ ਗੁਰਦਾਸ ਲਾਇਬ੍ਰੇਰੀ' ਵਿਚ 32 ਸਾਲ ਸੇਵਾ ਨਿਭਾਉਣ ਤੋਂ ਬਾਅਦ 2010 ਦੇ ਅਕਤੂਬਰ ਮਹੀਨੇ ਦੇ ਅਖ਼ੀਰ ਵਿਚ ਮੈਂ ਇੱਥੇ ਬਰੈਂਪਟਨ ਆਪਣੇ ਬੇਟੇ ਕੋਲ ਆਇਆ। ਨੌਕਰੀ ਦੌਰਾਨ ਕੰਪਿਊਟਰ 'ਤੇ ਅੰਗਰੇਜ਼ੀ ਵਿਚ ਟਾਈਪ ਕਰਨ, ਈ-ਮੇਲ ਤੇ ਇਸ ਉੱਪਰ ਹੋਰ ਛੋਟੇ-ਮੋਟੇ ਕੰਮ ਕਰਨ ਦਾ ਤਜਰਬਾ ਤਾਂ ਪਹਿਲਾਂ ਹੀ ਹਾਸਲ ਸੀ ਪਰ ਪੰਜਾਬੀ ਵਿਚ ਟਾਈਪ ਕਰਨਾ ਮੈਨੂੰ ਬਿਲਕੁਲ ਨਹੀਂ ਆਉਂਦਾ ਸੀ। ਦਰਅਸਲ, ਇਸ ਦੀ ਉਦੋਂ ਉੱਥੇ ਲੋੜ ਹੀ ਨਾ ਪਈ, ਕਿਉਂਕਿ ਦਫ਼ਤਰ ਵਿਚ ਦੋ ਪੰਜਾਬੀ ਟਾਈਪਿਸਟ ਮੌਜੂਦ ਸਨਜਿਨ੍ਹਾਂ ਨੇ ਬੜੀ ਆਸਾਨੀ ਨਾਲ ਕੰਪਿਊਟਰ 'ਤੇ ਟਾਈਪ ਕਰਨਾ ਸਿੱਖ ਲਿਆ ਸੀ ਤੇ ਮੇਰੇ ਵੱਲੋਂ ਪੰਜਾਬੀ ਵਾਲਾ ਕੰਮ-ਕਾਜ ਉਨ੍ਹਾਂ ਕੋਲੋਂ ਹੀ ਕਰਵਾ ਲਿਆ ਜਾਂਦਾ ਸੀ। ਅਪ੍ਰੈਲ 2011 ਵਿਚ ਪੰਜਾਬੀ ਲੇਖਕ ਬਲਬੀਰ ਸਿੰਘ ਮੋਮੀ ਹੋਰਾਂ ਦੀ ਵਾਕਫ਼ੀਅਤ ਸਦਕਾਇੱਥੇ 'ਸਿੱਖ ਸਪੋਕਸਮੈਨ' ਅਖ਼ਬਾਰ ਵਿਚ ਕੰਮ ਕਰਨ ਦਾ ਅਵਸਰ ਮਿਲ ਗਿਆ ਪਰਇੱਥੇ ਪੰਜਾਬੀ ਵਿਚ ਟਾਈਪਿੰਗ ਤੋਂ ਬਿਨਾਂ ਕੰਮ ਚੱਲਣਾਮੁਸ਼ਕਲ ਸੀ। ਮੋਮੀ ਸਾਹਿਬ ਦੀ ਅਗਵਾਈ 'ਚ ਹਫ਼ਤੇ ਵਿਚ ਮੈਂ ਪੰਜਾਬੀ ਵਿਚ ਹੌਲ਼ੀ-ਹੌਲ਼ੀ ਡੀ.ਆਰ. ਚਾਤ੍ਰਿਕ ਫ਼ੌਂਟਸ ਵਿਚ ਟਾਈਪ ਕਰਨ ਲੱਗ ਪਿਆ। ਦੋ-ਤਿੰਨ ਹਫ਼ਤਿਆਂ ਵਿਚ ਹੱਥ ਵਾਹਵਾ ਈ ਰਵਾਂ ਹੋ ਗਿਆ ਤੇ ਮੈਂ ਆਪਣੇ ਲੈਪਟੌਪ 'ਤੇ ਆਪਣੇ ਆਰਟੀਕਲ ਤੇ ਖ਼ਬਰਾਂ ਸਿੱਧੀਆਂ ਹੀ ਟਾਈਪ ਕਰਕੇ ਆਪਣੇ ਅਖ਼ਬਾਰ ਦੇ ਸੰਪਾਦਕ ਨੂੰ ਭੇਜਣ ਲੱਗ ਪਿਆ।

ਇਸ ਵਿਚਾਲੇ ਫੇਸਬੁੱਕ 'ਤੇ ਵੀ ਕਿਸੇ ਦੋਸਤ ਕੋਲੋਂ ਆਪਣਾ ਅਕਾਊਂਟ ਖੁਲ੍ਹਵਾ ਲਿਆ। ਇੱਥੇ ਅੰਗਰੇਜ਼ੀ ਵਿਚ ਤਾਂ 'ਕੁਮੈਂਟ-ਸ਼ੁਮੈਂਟ' ਆਰਾਮ ਨਾਲ ਚੱਲਦੇ ਰਹੇ ਪਰ ਪੰਜਾਬੀ ਵਿਚ ਟਾਈਪ ਕਰਨ 'ਤੇ 'ਲੈਪਟੌਪ' ਇਹ ਮੰਨਣ ਤੋਂ ਪੂਰੀ ਤਰ੍ਹਾਂ ਸਿਰ ਫੇਰ ਗਿਆ। ਕਿਸੇ ਦੋਸਤ ਦੇ ਮਸ਼ਵਰੇ 'ਤੇ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ 'ਗੁਰਮੁਖੀ ਅੰਗਰੇਜ਼ੀ ਕਨਵਰਟਰ' ਦੀ ਸਹਾਇਤਾ ਨਾਲ ਡੀ.ਆਰ. ਚਾਤ੍ਰਿਕ ਫੌਂਟਸ 'ਚ ਲਿਖੇ ਕੁਮੈਂਟਾਂ ਨੂੰ 'ਕਨਵਰਟਰ' 'ਤੇ ਚਾੜ੍ਹ ਕੇ 'ਯੂਨੀਕੋਡ' ਵਿਚ ਬਦਲਣ ਤੋਂ ਬਾਅਦ ਇਹ ਕੁਮੈਂਟ ਫੇਸਬੁੱਕ 'ਤੇ ਪਾਉਂਦਾ ਜਿਸ ਦੇ ਲਈ ਕਾਫ਼ੀ ਮਿਹਨਤ ਕਰਨੀ ਪੈਂਦੀ ਤੇ ਇਸ ਦੇ ਲਈ ਸਮਾਂ ਵੀ ਲੱਗਦਾ। ਫਿਰ ਅਚਾਨਕ ਹੀ ਪੰਜਾਬੀ ਯੂਨੀਵਰਸਿਟੀ ਪਟਿਆਲਾ ਦਾ ਇਹ'ਕਨਵਰਟਰ'ਇੰਟਰਨੈੱਟ ਤੋਂ ਗਾਇਬ ਹੋ ਗਿਆ। ਆਪਣੀ ਮੁਸ਼ਕਲ ਮੈਂ ਪੰਨੂੰ ਸਾਹਿਬ ਨਾਲ ਸਾਂਝੀ ਕੀਤੀ ਤਾਂ ਉਨ੍ਹਾਂ ਅੱਗੋਂ ਫ਼ਰਮਾਇਆ, "ਝੰਡ ਯਾਰ, ਤੂੰ ਸਿਆਣਾ-ਬਿਆਣਾ ਬੰਦਾ ਕਿਹੜੇ ਯੱਬ 'ਚ ਫਸਿਆ ਫਿਰਦਾਂ। ਛੱਡ ਖਹਿੜਾ ਹੁਣ ਡੀ.ਆਰ. ਚਾਤ੍ਰਿਕ ਫੌਂਟਸ ਦਾ ਤੇ ਸਿੱਧਾ 'ਯੂਨੀਕੋਡ' ਵੱਲ ਆ।" ਉਨ੍ਹਾਂ ਮੇਰੇ ਲੈਪਟੌਪ 'ਤੇ ਯੂਨੀਕੋਡ ਵਾਲਾ ਆਪਣਾ ਪ੍ਰੋਗਰਾਮ 'ਡਾਊਨਲੋਡ' ਕਰ ਦਿੱਤਾ ਅਤੇ ਇਸ ਨੂੰ ਚਲਾਉਣ ਦਾ 'ਵੱਲ' ਵੀ ਸਿਖਾ ਦਿੱਤਾ। ਇਸ ਪ੍ਰੋਗਰਾਮ ਵਿਚ ਟਾਈਪ ਕਰਨਾ ਮੁਸ਼ਕਲ ਤਾਂ ਨਹੀਂ ਸੀ ਪਰ ਇਸ ਵਿਚ ਪਹਿਲਾਂ ਵਾਲੇ ਡੀ.ਆਰ. ਫੌਂਟਸ ਨਾਲੋਂ ਕੁਝ ਵਖਰੇਵੇਂ ਵੀ ਸਨ ਜੋ ਹੌਲ਼ੀ-ਹੌਲ਼ੀ ਸਮਝ ਵਿਚ ਆ ਗਏ। ਬਾਕੀ ਅੱਖਰ ਤਾਂ ਆਰਾਮ ਨਾਲ ਹੀ ਟਾਈਪ ਹੋ ਜਾਂਦੇ ਸਨ ਪਰ ਊੜਾ,ਐੜਾ ਤੇ ਈੜੀ ਟਾਈਪ ਕਰਨ ਵਿਚ ਦਿੱਕਤ ਆਈ ਤੇ ਖ਼ਾਸ ਕਰਕੇ ਈੜੀ ਨੂੰ ਸਿਹਾਰੀ ਤੇ ਬਿਹਾਰੀ ਲਾਉਣ ਵਿਚ ਹੋਰ ਵੀ ਮੁਸ਼ਕਲਆਈ ਜੋ ਪੰਨੂੰ ਸਾਹਿਬ ਨੇ ਬਾਅਦ ਵਿਚ ਹੱਲ ਕੀਤੀ।

ਹੁਣ 'ਯੂਨੀਕੋਡ' ਵਿਚ ਬੜੇ ਆਰਾਮ ਨਾਲ ਟਾਈਪ ਕਰ ਲਈਦਾ ਹੈ ਤੇ ਕੋਈ ਪ੍ਰੇਸ਼ਾਨੀ ਨਹੀਂ ਹੈ। ਜੇਕਰ ਕੋਈ ਮੁਸ਼ਕਲ ਆ ਵੀ ਜਾਏ ਤਾਂ ਪੰਨੂੰ ਸਾਹਿਬ ਹੈਗੇ ਆ,ਉਸ ਨੂੰ ਹੱਲ ਕਰਨ ਲਈ। ਇਸ ਤਰ੍ਹਾਂ ਉਹ ਕੰਪਿਊਟਰ ਸਬੰਧੀ ਆਉਣਵਾਲੀ ਮੇਰੀ ਹਰੇਕ ਅੜਚਣ ਨੂੰ ਦੂਰ ਕਰਦੇ ਹਨ। ਕੇਵਲ ਮੇਰੀ ਹੀ ਨਹੀਂ, ਉਹ ਹਰੇਕ ਦੀ ਕੰਪਿਊਟਰ ਸਬੰਧੀ ਹਰੇਕ 'ਬੀਮਾਰੀ'ਦੇ 'ਵੈਦ' ਹਨ।

ਏਸੇ ਲਈ ਤਾਂ ਮੈਂ ਕਹਿੰਦਾ ਹਾਂ :

"ਆ ਗਿਆ 'ਪੰਨੂੰ ਵੈਦ' ਕੰਪਿਊਟਰ ਰੋਗੀਆਂ ਦਾ ..."

## ਵਿਸ਼ਵ ਪੰਜਾਬੀ ਸਭਾ ਵੱਲੋਂ ਟੋਰਾਂਟੋ ਵਿਖੇ ਵਿਸ਼ਵ ਪੰਜਾਬੀ ਕਾਨਫਰੰਸ 16, 17 ਅਤੇ 18 ਅਗਸਤ ਨੂੰ ਹੋਵੇਗੀ

ਲੁਧਿਆਣਾ, 17 ਜੁਲਾਈ (ਗਿਆਨ ਸਿੰਘ): ਵਿਸ਼ਵ ਚ ਵੱਸਦੇ ਸਮੂਹ ਪੰਜਾਬੀਆਂ ਲਈ ਇਹ ਬੜੇ ਮਾਣ ਦੀ ਗੱਲ ਹੈ ਕਿ ਵਿਸ਼ਵ ਪੰਜਾਬੀ ਸਭਾ ਟੋਰੰਟੋ(ਕੈਨੇਡਾ )ਵੱਲੋਂ 16-17-18 ਅਗਸਤ 2024 ਨੂੰ ਵਿਸ਼ਵ ਪੰਜਾਬੀ ਭਵਨ ਟੋਰੰਟੋ ਵਿਖੇ ਵਿਸ਼ਵ ਪੰਜਾਬੀ ਕਾਨਫਰੰਸ ਕਰਵਾਈ ਜਾ ਰਹੀ ਹੈ।

ਇਸ ਸੰਸਥਾ ਦੇ ਚੇਅਰਮੈਨ ਡਾ. ਦਲਬੀਰ ਸਿੰਘ ਕਥੂਰੀਆ ਨੇ ਇੱਕ ਲਿਖਤੀ ਸੰਦੇਸ਼ ਰਾਹੀਂ ਇਹ ਜਾਣਕਾਰੀ ਦਿੱਤੀ ਹੈ। ਉਨ੍ਹਾਂ ਕਿਹਾ ਕਿ ਪਿਛਲੇ ਇੱਕ ਸਾਸ ਵਿੱਚ ਜਿਸ ਅੰਦਾਜ਼ ਨਾਲ ਸਿਲਸਿਲੇਵਾਰ ਵਿਸ਼ਵ ਪੰਜਾਬੀ ਸਭਾ ਦਾ ਡਾ. ਸ ਪ ਸਿੰਘ, ਸ. ਇੰਦਰਜੀਤ ਸਿੰਘ ਬੱਲ , ਡਾ. ਬਲਵਿੰਦਰ ਸਿੰਘ (ਸਰਗਮ ਰੇਡੀਓ) ਤੇ ਪ੍ਰੋ. ਗੁਰਭਜਨ ਸਿੰਘ ਗਿੱਲ ਦੀ ਸਰਪ੍ਰਸਤੀ ਅਧੀਨ ਪਿਛਲੇ ਇੱਕ ਸਾਲ ਵਿੱਚ ਦੇਸ਼ ਬਦੇਸ਼ ਵਿੱਚ ਵੱਖ ਵੱਖ ਦੇਸ਼ਾਂ ਤੇ ਪੰਜਾਬ ਦੇ ਸਾਰੇ ਜ਼ਿਲ੍ਹਿਆਂ ਵਿੱਚ ਇਕਾਈਆਂ ਦਾ ਗਠਨ ਕੀਤਾ ਗਿਆ ਹੈ ਉਸ ਦੀ ਸ਼ਲਾਘਾ ਪੂਰੇ ਵਿਸ਼ਵ ਵਿੱਚ ਹੋ ਰਹੀ ਹੈ।

ਉਨ੍ਹਾਂ ਕਿਹਾ ਕਿ ਵਿਸ਼ਵ ਪੰਜਾਬੀ ਸਭਾ ਵੱਲੋਂ ਪਹਿਲਾਂ ਡੁਬਈ ਅਤੇ ਬਾਦ ਵਿੱਚ ਇਸੇ ਸਾਲ ਦੇ ਮਾਰਚ ਮਹੀਨੇ ਲਾਹੌਰ ਵਿੱਚ ਵਿਸ਼ਵ ਪੰਜਾਬੀ ਕਾਨਫਰੰਸ ਕਰਕੇ ਅਸੀਂ ਸਾਬਤ ਕਰ ਦਿੱਤਾ ਹੈ ਕਿ ਦੇਸ਼ ਬਦੇਸ਼ ਵਿੱਚ ਵੱਸਦੇ ਪੰਜਾਬੀਆਂ ਦੇ ਭਾਸ਼ਾ, ਸਾਹਿੱਤ ,ਸਭਿਆਚਾਰ ਤੇ ਜੀਵਨ ਤੋਰ ਨਾਲ ਸਬੰਧਿਤ ਮਸਲਿਆਂ ਨੂੰ ਕਿਵੇਂ ਸਿਲਸਿ-





ਲੇਵਾਰ ਨਜਿੱਠਿਆ ਜਾਣਾ ਚਾਹੀਦਾ ਹੈ।

ਇਸ ਕਾਨਫਰੰਸ ਬਾਰੇ ਆਪਣੇ ਸੰਦੇਸ਼ ਵਿੱਚ ਵਿਸ਼ਵ ਪੰਜਾਬੀ ਸਭਾ ਦੇ ਸਰਪ੍ਰਸਤ ਪ੍ਰੋ. ਗੁਰਭਜਨ ਸਿੰਘ ਗਿੱਲ ਨੇ ਕਿਹਾ ਹੈ ਕਿ ਟੋਰੰਟੋ ਵਿਚ ਹੋ ਰਹੀ ਵਿਸ਼ਵ ਪੰਜਾਬੀ ਕਾਨਫਰੰਸ ਲਈ ਭਾਰਤ ਪਾਕਿਸਤਾਨ, ਕੈਨੇਡਾ, ਅਮਰੀਕਾ, ਅਫਰੀਕਾ ਤੇ ਯੋਰਪੀਨ ਮੁਲਕਾਂ ਤੋਂ ਲੇਖਕਾਂ, ਵਪਾਰੀਆਂ, ਤਕਨੀਕੀ ਤੇ ਮੈਡੀਕਲ ਖੇਤਰ ਦੀਆਂ ਸਿਰਮੌਰ ਸ਼ਖਸੀਅਤਾਂ ਨੂੰ ਜਿਵੇਂ ਡੈਲੀਗੇਟਸ ਵਜੋਂ ਸੱਦਾ ਪੱਤਰ ਦਿੱਤਾ ਹੈ, ਇਹ ਸ਼ੁਭ ਸ਼ਗਨ ਹੈ। ਪਰ ਮੇਰੀ ਨਿਜੀ ਰਾਏ ਵੀ ਇਹੀ ਹੈ ਕਿ ਭਾਸ਼ਾ ਤੇ ਸਾਹਿੱਤ ਸੱਭਿਆਚਾਰ ਨਾਲ ਸਬੰਧਿਤ ਮਸਲੇ ਜੋ ਇਸ ਵੇਲੇ ਦੇਸ਼ ਬਦੇਸ਼ ਵਿੱਚ ਸਾਨੂੰ ਦਰ ਪੇਸ਼ ਹਨ, ਉਨ੍ਹਾਂ ਨਾਲ ਸਿੱਝਣ ਲਈ ਸਮੂਹ ਪੰਜਾਬੀਆਂ ਦੀ ਸਾਂਝੀ ਲਿਆਕਤ ਵਰਤਣ ਦੀ ਲੋੜ ਹੈ।

ਉਨ੍ਹਾਂ ਕਿਹਾ ਹੈ ਕਿ ਵਿਸ਼ਵ ਪੱਧਰ ਦੇ ਅਰਥ ਸ਼ਾਸਤਰੀ, ਸਮਾਜ ਸ਼ਾਸਤਰੀ ਅਤੇ ਮਨੋਵਿਗਿਆਨੀ ਸਾਡੀ ਭਵਿੱਖ ਮੁਖੀ ਸੋਚ ਨੂੰ ਸਹੀ ਦਿਸ਼ਾ ਦੇ ਸਕਦੇ ਹਨ।

ਪ੍ਰੋ. ਗਿੱਲ ਨੇ ਕਿਹਾ ਹੈ ਕਿ ਮੈਨੂੰ ਮਾਣ ਹੈ ਕਿ ਮੈਂ ਆਪਣੇ ਮਿੱਤਰ ਡਾ. ਦਲਬੀਰ ਸਿੰਘ ਕਥੂਰੀਆ ਕਾਰਨ ਮੈਂ ਲਾਹੌਰ ਵਾਲੀ ਅੰਤਰ ਰਾਸ਼ਟਰੀ ਕਾਨਫਰੰਸ ਵਿੱਚ ਵੀ ਭਾਗ ਲਿਆ ਸੀ।

ਪ੍ਰੋ. ਗਿੱਲ ਨੇ ਕਿਹਾ ਕਿ ਟੋਰੰਟੋ ਵਿੱਚ ਵੱਸਦੇ ਪੰਜਾਬੀ ਲੇਖਕਾਂ, ਮੀਡੀਆ ਕਰਮੀਆਂ, ਸਿਰਮੌਰ ਸਮਾਜਿਕ ਸ਼ਖਸੀਅਤਾਂ ਅਤੇ ਨੌਜਵਾਨਾਂ ਨੂੰ ਜਿਸ ਅੰਦਾਜ਼ ਨਾਲ ਵਿਸ਼ਵ ਪੰਜਾਬੀ ਸਭਾ ਨੇ ਆਪਣੇ ਨਾਲ ਜੋੜਿਆ ਹੈ, ਇਹ ਵੀ ਕਾਮਯਾਬੀ ਦੀ ਗਵਾਹੀ ਦੇਂਦਾ ਹੈ। ਭਾਰਤੀ ਪੰਜਾਬ ਤੋਂ ਪਿਛਲੇ ਸਮੇਂ ਵਿੱਚ ਜਿੰਨੇ ਮਿੱਤਰ ਪਿਆਰੇ ਵਿਸ਼ਵ ਪੰਜਾਬੀ ਭਵਨ ਦੀਆਂ ਸਰਗਰਮੀਆਂ ਵਿੱਚ ਸ਼ਾਮਿਲ ਹੋ ਕੇ ਪਰਤੇ ਹਨ, ਉਹ ਸਭ ਮੁਕਤ ਕੰਠ ਪ੍ਰਸ਼ੰਸਾ ਕਰਦੇ ਹਨ ਕਿ ਇਸ ਭਵਨ ਦੀਆਂ ਸਰਗਰਮੀਆਂ ਵਿੱਚ ਗੂੜ੍ਹ ਗੰਭੀਰਤਾ ਹੈ।

ਮੈਂ ਮਾਂ ਬੋਲੀ ਪੰਜਾਬੀ ਦੇ ਸਮੂਹ ਸੇਵਕਾਂ, ਹਿਤ ਚਿੰਤਕਾਂ ਤੇ ਵਿਕਾਸ ਯੋਜਨਾਕਾਰਾਂ ਨੂੰ ਬੇਨਤੀ ਕਰਨੀ ਚਾਹਾਂਗਾ ਕਿ ਜਿੰਨੇ ਵੀ ਕਾਰਗਰ ਸੁਝਾਅ ਪੇਸ਼ ਕਰਨੇ ਹਨ, ਉਹ ਜ਼ਬਾਨੀ ਕਲਾਮੀ ਕਰਨ ਦੀ ਥਾਂ ਲਿਖਤੀ ਰੂਪ ਵਿੱਚ ਦਿੱਤੇ ਜਾਣ ਤਾਂ ਜੋ ਭਵਿੱਖ ਲਈ ਨਿਸ਼ਚਤ ਏਜੰਡਾ ਵਿਕਸਤ ਕੀਤਾ ਜਾ ਸਕੇ।

ਨਕਲੀ ਬੁੱਧ (artificial intelligence) ਬਾਰੇ ਵੀ ਚੰਗੇ ਭਾਸ਼ਾ ਵਿਗਿਆਨੀਆਂ ਤੇ ਲੇਖਕਾਂ ਪਾਸੋਂ ਇੱਕ ਵਿਸ਼ੇਸ਼ ਸੈਸ਼ਨ ਲਾ ਕੇ ਗਿਆਨ ਹਾਸਲ ਕਰਨ ਦੀ ਕੋਸ਼ਿਸ਼ ਕਰਨਾ। ਸਬੱਬ ਨਾਲ ਇਸ ਵੇਲੇ ਟੋਰੰਟੋ ਖੇਤਰ ਵਿੱਚ ਹੀ ਡਾ. ਜੋਗਾ ਸਿੰਘ ਵਿਰਕ, ਡਾ. ਨਾਹਰ ਸਿੰਘ, ਸ. ਕ੍ਰਿਪਾਲ ਸਿੰਘ ਪੰਨੂ, ਸਿਰਜਕਾਂ ਵਿੱਚੋਂ ਸਿਰਮੌਰ ਲੇਖਕ ਡਾ. ਵਰਿਆਮ ਸਿੰਘ ਸੰਧੂ, ਪ੍ਰਿੰ. ਸਰਵਣ ਸਿੰਘ , ਡਾ. ਰੂਪ ਸਿੰਘ, ਪ੍ਰੋ. ਜਾਗੀਰ ਸਿੰਘ ਕਾਹਲੋਂ ਸਮੇਤ ਨੌਜਵਾਨ ਪੀੜ੍ਹੀ ਵਿੱਚੋਂ ਵੀ ਬਹੁਤ ਚੇਤਨ ਬੁੱਧ ਲੋਕ ਹਨ ਜੋ ਇਸ ਵਿਸ਼ੇ ਦੀ ਨਿੱਤਰੀ ਸੋਚ ਪੇਸ਼ ਕਰਨ ਦੇ ਕਾਬਲ ਹਨ। ਕਿਰਪਾ ਕਰਕੇ ਸਭ ਗਿਆਨਵਾਨ ਸੱਜਣਾਂ ਨਾਲ ਸੰਪਰਕ ਕਰਕੇ ਇੱਕ ਸੈਸ਼ਨ ਇਸ ਗਿਆਨ ਨੂੰ ਸਮਰਪਿਤ ਕਰ ਲੈਣਾ।

ਮੇਰਾ ਵਿਸ਼ਵਾਸ ਹੈ ਕਿ ਮਾਂ ਬੋਲੀ, ਮਾਂ ਧਰਤੀ ਤੇ ਮਾਂ ਜਣਨੀ ਕੋਲੋਂ,

ਟੁੱਟ ਕੇ ਬੰਦਾ ਮਰਦਾ ਮਰਦਾ ਮਰ ਜਾਂਦਾ ਹੈ।

ਪਰਦੇਸ ਵਾਸ ਦੇ ਬਾਵਜੂਦ ਤੁਸੀਂ ਤਿੰਨਾਂ ਮਾਵਾਂ ਨਾਲ ਰਿਸ਼ਤਾ ਨਿਭਾ ਰਹੇ ਹੋ, ਇਹ ਚੰਗੀ ਗੱਲ ਹੈ। ਇਹ ਰਿਸ਼ਤਾ ਵਿਸ਼ਵ ਪੰਜਾਬੀ ਕਾਨਫਰੰਸ ਰਾਹੀਂ ਹੋਰ ਮਜ਼ਬੂਤ ਹੋਵੇ, ਇਸੇ ਆਸ ਤੇ ਅਰਦਾਸ ਨਾਲ ਮੈਂ ਆਪਣੀਆਂ ਸ਼ੁਭ ਕਾਮਨਾਵਾਂ ਭੇਂਟ ਕਰਦਾ ਹਾਂ।

## ਸਪੀਕਰ ਸੰਧਵਾਂ ਨੇ ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਵਿਖੇ ਦਾਖਲ ਮਰੀਜਾਂ ਦਾ ਹਾਲ ਚਾਲ ਜਾਣਿਆ

ਫਰੀਦਕੋਟ, 17 ਜੁਲਾਈ (ਗਿਆਨ ਸਿੰਘ): ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਵਿਖੇ ਦਾਖਲ ਮਰੀਜ਼ਾਂ ਦਾ ਹਾਲ ਚਾਲ ਜਾਣਨ ਲਈ ਅੱਜ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਉਚੇਚੇ ਤੌਰ ਤੇ ਸਰਕਾਰ ਵੱਲੋਂ ਦਿੱਤੀ ਜਾ ਰਹੀਆਂ ਸਿਹਤ ਸਹੂਲਤਾਂ ਬਾਰੇ ਜਾਣਕਾਰੀ ਲੈਣ ਅਚਨਚੇਤ ਪੁੱਜੇ।

ਮੈਡੀਕਲ ਕਾਲਜ ਵਿਖੇ ਉਨ੍ਹਾਂ ਵਾਰਡਾਂ ਵਿੱਚ ਦਾਖਲ ਮਰੀਜਾਂ ਤੋਂ ਇਲਾਵਾ ਐਮਰਜੈਂਸੀ ਅਤੇ ਆਈ.ਸੀ.ਯੂ ਦਾ ਵੀ ਦੌਰਾ ਕੀਤਾ। ਇਸ ਉਪਰੰਤ ਦਿੱਤੀਆਂ ਜਾ ਰਹੀਆਂ ਸੇਵਾਵਾਂ ਤੇ ਤਸੱਲੀ ਪ੍ਰਗਟ ਕਰਦਿਆਂ ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਸਿਹਤ ਸਹੂਲਤਾਂ ਦੇਣ



ਵਿੱਚ ਮੋਹਰੀ ਸੂਬਾ ਬਣਦਾ ਜਾ ਰਿਹਾ ਹੈ। ਸੂਬੇ ਵਿੱਚ ਜਿੱਥੇ ਆਮ ਆਦਮੀ ਕਲੀਨਿਕਾਂ ਰਾਹੀਂ ਲੋਕਾਂ ਨੂੰ ਚੰਗੀ ਸਿਹਤ ਮੁਹੱਈਆ ਕਰਵਾਈ ਜਾ ਰਹੀ ਹੈ, ਉੱਥੇ ਨਾਲ ਹੀ ਵੱਡੇ ਮੈਡੀਕਲ ਇੰਸੀਚਿਊਟ ਅਤੇ ਟਰਸ਼ਰੀ ਕੇਅਰ ਵੱਲ ਵੀ ਪੂਰਾ ਧਿਆਨ ਦਿੱਤਾ ਜਾ ਰਿਹਾ ਹੈ। ਅੱਜ ਦੇ ਦੌਰੇ ਦੌਰਾਨ ਉਨ੍ਹਾਂ ਕਿਹਾ ਕਿ ਡਾਕਟਰਾਂ ਅਤੇ ਪ੍ਰਬੰਧਕਾਂ ਨਾਲ ਜੋ ਥੋੜ੍ਹੀਆਂ ਬਹੁਤ ਕਮੀਆਂ ਲੋਕਾਂ ਵੱਲੋਂ ਦੱਸੀਆਂ ਗਈਆ ਹਨ, ਉਨ੍ਹਾਂ ਨੂੰ ਵੀ ਜਲਦ ਹੀ ਦੂਰ ਕਰ ਲਿਆ ਜਾਵੇਗਾ। ਕਿਸਾਨ ਯੂਨੀਅਨ ਦੇ ਨੁਮਾਇੰਦੇ ਨਵਦੀਪ ਦੀ ਜਮਾਨਤ ਹੋਣ ਤੇ ਜੁਡੀਸ਼ਰੀ ਦਾ ਧੰਨਵਾਦ ਕਰਦਿਆਂ ਉਨ੍ਹਾਂ ਕਿਹਾ ਕਿ ਕਿਸਾਨਾਂ ਵੱਲੋਂ ਪੂੰਜੀਵਾਦ ਅਤੇ ਪੂੰਜੀਵਾਦੀਆਂ ਖਿਲਾਫ ਵਿੱਢੀ ਗਈ ਲੜਾਈ ਵਿੱਚ ਕਿਸਾਨਾਂ ਵੱਲੋਂ ਪਾਇਆਂ ਜਾ ਰਿਹਾ ਯੋਗਦਾਨ ਕਿਸਾਨਾਂ ਦੀ ਇੱਕ ਦਿਨ ਜਰੂਰ ਨੁਹਾਰ ਬਦਲੇਗਾ। ਇਸ ਮੌਕੇ ਚੇਅਰਮੈਨ ਜਿਲ੍ਹਾ ਯੋਜਨਾ ਬੋਰਡ ਕਮੇਟੀ ਸੁਖਜੀਤ ਸਿੰਘ ਢਿੱਲਵਾਂ ਵੀ ਹਾਜ਼ਰ ਸਨ।






LOCAL & LONG DISTANCE MOVING

# H.K. MOVERS

VANCOUVER - CALGARY - EDMONTON - WINNIPEG - TORONTO - OTTAWA - MONTREAL




WE MOVE COAST TO COAST WITHIN CANADA ,
WE DO INTERNATIONAL SHIPPING AND WE ALSO SHIP CARS

Best Business of 2023 ThreeBest Rated Excellence

**Call: 416.524.6704**
**www.hkmovers.ca**

2023 ThreeBest Rated Certificate OF EXCELLENCE THREE BEST RATED

SAFE, RELIABLE AND EFFICIENT SERVICE AT THE BEST RATES



The Mortgage Centre
We work for *you*, not the lenders.




Debt Consolidation | Renovations & Repairs | Avoiding High penalities

If you are looking for independent mortgage or protection advice....
We're here to help.
* Competitive rates
* Flexible terms
* Fast approval process

No Credit or becon score check.
No income verifiaction.
Interest payments only.
Pay off high interest debts.
75%-80% LTV.

Must have home equity.....

For more information call:
Jaspal Gahunia (Lic. M08006400)
Direct: 416-677-0047
Office: 416-674-7050
Email: paulpaul202@yahoo.ca
Office - Unit 201-19 Woodbine Downs Blvd, Etobicoke, ON M9W 6N5
-4040 Steeles Avenue West Unit#5 Woodbridge, ON, L4L 4Y5

Rexdale Financial Services



URGENTLY NEED NEW LISTINGS IN BRAMPTON/CALEDON



visit: www.teamjagaujla.com
ADVERTISEMENT GUARANTEED TILL SOLD
# JAG AUJLA
MCNE, REAL ESTATE BROKER
## 416-371-7777
e-mail: j.aujla@rogers.com or visit: www.jagaujla.com
MCNE

CALL JAG AUJLA FOR A QUICK & FREE HOME EVALUATION
www.BramptonTopRealtor.com

## RECENTLY LISTED IN YOUR NEIGHBOURHOOD

### Sandalwood & Sunny Meadow Blvd



ਬਹੁਤ ਹੀ ਵਧੀਆ ਲੋਕੇਸ਼ਨ ਉਤੇ ਗ੍ਰੀਨਰੀ ਫੇਸਿੰਗ ਬਹੁਤ ਹੀ ਵਧੀਆ ਤਰੀਕੇ ਨਾਲ ਮੇਨਟੇਨ ਕੀਤਾ ਹੋਇਆ ਲਗਭਗ 1305 ਸਕੇਅਰ ਫੁੱਟ (ਐਮਪੈਕ ਅਨੁਸਾਰ) ਦਾ ਕੌਂਡੋ ਸਟੈਕਡ ਟਾਊਨ ਹਾਊਸ, ਸਾਰੇ ਘਰ ਨੂੰ ਨਵਾਂ ਰੰਗ ਕੀਤਾ ਹੋਇਆ, ਸਾਲ 2016-17 ਵਿਚ ਬਣਿਆ ਹੋਇਆ 2 ਬੈਡਰੂਮ + 3 ਵਾਸ਼ਰੂਮ + ਓਪਨ ਟੈਰੇਸਡ ਬਾਲਕਨੀ + 1 ਕਾਰ ਗਰਾਜ ਦੇ ਨਾਲ, ਓਪਨ ਕਾਂਸੈਪਟ ਲਿਵਿੰਗ ਲੈਮੀਨੇਟਡ ਫਲੋਰ ਦੇ ਨਾਲ ਲੈਸ ਡਾਇਨਿੰਗ ਏਰੀਆ, ਸਟੇਨਲੈਸ ਸਟੀਲ ਨਾਲ ਬਣੀਆਂ ਕਿਚਨ ਕੈਬਿਨੇਟਸ, ਮਾਸਟਰ ਬੈਡਰੂਮ 4 ਪੀਸੀ ਐਨਸੂਟ ਦੇ ਨਾਲ ਸਕੂਲ, ਬੱਸ ਸਟਾਪ ਅਤੇ ਪਾਰਕ ਆਦਿ ਦੇ ਬਿਲਕੁਲ ਨਜ਼ਦੀਕ ਅਤੇ ਹੋਰ ਵੀ ਬਹੁਤ ਕੁੱਝ।

### James Potter/Queen/Bonnie Brae



ਬਹੁਤ ਹੀ ਸੋਹਣਾ 3000-3500 ਸਕੇਅਰ ਫੁੱਟ ਦਾ ਡਿਟੈਚਡ ਘਰ, 5+2 ਬੈਡਰੂਮ + ਦਫਤਰ + 5 ਵਾਸ਼ਰੂਮ, ਫਿਨਿਸ਼ਡ ਬੇਸਮੈਂਟ, 2 ਅਲੱਗ ਐਂਟਰੈਂਸ, 9 ਫੁੱਟ ਦੀ ਸੀਲਿੰਗ, ਡਬਲ ਡੋਰ ਐਂਟਰੀ, 5 ਪੀਸੀ ਐਨਸੂਟ ਦੇ ਨਾਲ ਮਾਸਟਰ ਬੈਡਰੂਮ, ਮੇਨ ਫਲੋਰ ਉਤੇ ਲੱਕੜ ਦਾ ਕੰਮ ਕੀਤਾ ਹੋਇਆ, ਬੇਸਮੈਂਟ ਵਿਚ ਲੈਮੀਨੇਟ ਅਤੇ ਸੇਰਾਮਿਕਸ, ਗ੍ਰੇਨਾਈਟ ਕਊਂਟਰ ਟਾਪ ਅਤੇ ਸੈਂਟਰ ਆਈਲੈਂਡ ਦੇ ਨਾਲ ਕਿਚਨ, ਗ੍ਰੀਨਰੀ ਵੱਲ ਫੇਸ ਕਰਦਾ ਹੋਇਆ ਬ੍ਰੇਕਫਾਸਟ ਏਰੀਆ, ਮੇਨ ਫਲੋਰ ਉਤੇ ਲਾਊਂਡਰੀ, ਘਰ ਦੇ ਸਾਹਮਣੇ ਪਾਰਕ ਅਤੇ ਹੋਰ ਵੀ ਬਹੁਤ ਕੁੱਝ।

### Caledon Ontario (Dir/Cross St:Mayfield/ Mclaughlin/Tweedhill)



ਬਹੁਤ ਹੀ ਵਧੀਆ ਪ੍ਰਾਈਮ ਲੋਕੇਸ਼ਨ ਉਤੇ ਕਿਰਾਏ ਲਈ ਖਾਲੀ 700-1100 ਸਕੁਏਅਰ ਫੁੱਟ ਦਾ ਸੋਹਣਾ ਜਿਹਾ ਘਰ, ਦੋ ਬੈਡਰੂਮਜ਼ ਦੇ ਨਾਲ ਲੀਗਲ ਬੇਸਮੈਂਟ ਅਪਾਰਟਮੈਂਟ (ਅਲੱਗ ਐਂਟਰੈਂਸ), ਕੰਕਰੀਟ ਦਾ ਡਰਾਇਵ ਵੇਅ, ਓਪਨ ਕਾਂ-ਸੈਪਟ ਦੇ ਨਾਲ ਲਿਵਿੰਗ ਰੂਮ ਨਾਲ ਅਟੈਚਡ ਕਿਚਨ, ਕਿਰਾਏਦਾਰ ਨੂੰ ਕਿਰਾਇਆ ਅਤੇ 30% ਯੂਟੀਲਿਟੀਜ਼ ਦੇਣਾ ਹੋਵੇਗਾਲੀਜ਼ ਘੱਟ ਤੋਂ ਘੱਟ 1 ਸਾਲ ਲਈ ਹੋਵੇਗੀ।

### Bramalea/Father Tobin /Fernfor



ਬਹੁਤ ਹੀ ਸ਼ਾਨਦਾਰ 3065 ਸਕੇਅਰ ਫੁੱਟ ਦਾ 3 ਮੰਜਲਾ ਡਿਟੈਚਡ ਘਰ, 5+1 ਬੈਡਰੂਮ + 5 ਵਾ-ਸ਼ਰੂਮ ਅਤੇ 2 ਫੈਮਿਲੀ ਰੂਮ, 2 ਮਾਸਟਰ ਬੈਡਰੂਮ ਅਤੇ ਇਕ ਫਿਨਿਸ਼ਡ ਬੇਸਮੈਂਟ, ਡਬਲ ਡੋਰ ਐਂ-ਟਰੀ, ਓਕ ਸਟੇਅਰਕੇਸ, ਲਿਵਿੰਗ, ਡਾਈਨਿੰਗ ਅਤੇ ਫੈਮਿਲੀ ਰੂਮ ਵਿਚ ਹਾਰਡਵੁੱਡ ਲੱਗਾ ਹੋਇਆ, ਸੋਹਣਾ ਜਿਹਾ ਕਿਚਨ ਸੈਂਟਰ ਆਈਲੈਂਡ ਦੇ ਨਾਲ, ਮਾਸਟਰ ਬੈਡਰੂਮ ਵਿਚ 5 ਪੀਸੀ ਐਨ-ਸੂਟ, ਦੂਜੀ ਮੰਜਲ 'ਤੇ ਲਾਊਂਡਰੀ, ਗਰਾਜ ਤੋਂ ਘਰ ਦੀ ਐਂਟਰੀ, ਬੇਸਮੈਂਟ ਵਿਚ ਸ਼ਾਨਦਾਰ ਥੀਏਟਰ ਦੇ ਨਾਲ, ਸਕੂਲ, ਬੱਸ ਸਟਾਪ ਅਤੇ ਪਾਰਕ ਆਦਿ ਦੇ ਬਿਲਕੁਲ ਨਜ਼ਦੀਕ ਤੇ ਹੋਰ ਵੀ ਬਹੁਤ ਕੁੱਝ।

FREE
- Full MLS services
- Consistent marketing until your property is sold
- Staging consultation
- Billboard, flyer
- Online Promotion
- Professional pictures & virtual tour
- Social media & radio advertisement
- Open house till sold
- Competitive rates, exceptional service & award winning results

RE/MAX REALTY SPECIALISTS INC.
Ph:905-456-3232

Call JAG AUJLA Dir 416-371-7777
MCNE, Real Estate Broker
NOT INTENDED TO SOLICIT BUYERS OR SELLERS CURRENTLY UNDER CONTRACT


2024 TOUR • 180+ SHOWS •
12 FABULOUS LOCATIONS • CANADA & USA
ROYAL CANADIAN
International
CIRCUS
UNDER THE BIG TOP
6 GTA LOCATIONS
June 27 - Sept 2
2 for 1
GENERAL ADMISSION TICKETS DISCOUNT
PROMO CODE:
PUNJABI
ROYALCANADIANCIRCUS.CA